Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 141 Chief Editor : Chowdhary Prabhjit Singh, Editor : Chhatarpal Singh 98146-32807, Friday 20 November 2026 Price : 2 Rs. Page : 6

ਪਟਿਆਲਾ-ਬਠਿੰਡਾ ਕੌਮੀ ਮਾਰਗ 'ਤੇ ਡਿੱਗਿਆ ਭਾਖੜਾ ਨਹਿਰ ਦਾ ਪੁਲ; ਮਲਬੇ 'ਚ ਫਸੇ ਦੋ ਟਰੱਕ, ਇੱਕ ਨੂੰ ਲੱਗੀ ਅੱਗ

ਪਟਿਆਲਾ, 19 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਪਟਿਆਲਾ-ਸੰਗਰੂਰ-ਬਠਿੰਡਾ ਕੌਮੀ ਮਾਰਗ 'ਤੇ ਭਾਖੜਾ ਨਹਿਰ ਉੱਪਰ ਬਣਿਆ ਇੱਕ ਬੇਲੀ ਪੁਲ ਵੀਰਵਾਰ ਸਵੇਰੇ ਅਚਾਨਕ ਡਿੱਗ ਗਿਆ। ਇਸ ਦੌਰਾਨ ਦੋ ਟਰੱਕ ਹੇਠਾਂ ਡਿੱਗ ਕੇ ਪੁਲ ਦੇ ਮਲਬੇ ਵਿੱਚ ਲਟਕ ਗਏ। ਇਨ੍ਹਾਂ ਵਿੱਚੋਂ ਇੱਕ ਟਰੱਕ ਨੂੰ ਅੱਗ ਵੀ ਲੱਗ ਗਈ। ਹਾਲਾਂਕਿ, ਕਿਸੇ ਜਾਨੀ ਨੁਕਸਾਨ ਦੀ ਕੋਈ ਸੂਚਨਾ ਨਹੀਂ ਹੈ, ਪਰ ਟਰੱਕਾਂ ਦੇ ਡਰਾਈਵਰਾਂ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ।

ਇਹ ਘਟਨਾ ਤੜਕਸਾਰ ਪਿੰਡ ਪਸਿਆਣਾ ਨੇੜੇ ਉਸ ਸਮੇਂ ਵਾਪਰੀ ਜਦੋਂ ਦੋ ਟਰੱਕ ਪੁਲ ਤੋਂ ਲੰਘ ਰਹੇ ਸਨ। ਇਹ ਟਰੱਕ ਰੇਤ ਨਾਲ ਭਰੇ ਹੋਏ ਸਨ। ਮੁੱਢਲੀ ਜਾਂਚ ਤੋਂ ਪਤਾ ਲੱਗਦਾ ਹੈ ਕਿ ਪੁਲ ਜ਼ਿਆਦਾ ਭਾਰ ਕਾਰਨ ਡਿੱਗਿਆ ਹੈ—ਜੋ ਸ਼ਾਇਦ ਪੁਲ ਤੋਂ ਲੰਘਣ ਦੀ ਨਿਰਧਾਰਤ ਸੀਮਾ ਤੋਂ ਵੱਧ ਸੀ। ਪਰ, ਅਸਲ ਕਾਰਨਾਂ ਦਾ ਪਤਾ ਤਕਨੀਕੀ ਮਾਹਿਰਾਂ ਵੱਲੋਂ ਲਗਾਇਆ ਜਾਵੇਗਾ।

ਜਾਣਕਾਰੀ ਅਨੁਸਾਰ ਅੱਜ ਸਵੇਰੇ ਕਰੀਬ ਛੇ ਵਜੇ ਜਦੋਂ ਇਸ ਪੁਲ ਤੋਂ ਤਿੰਨ ਗੱਡੀਆਂ ਲੰਘ ਰਹੀਆਂ ਸਨ ਤਾਂ ਜਦੋਂ ਇਕ ਗੱਡੀ ਦਾ ਅੱਧਾ ਹਿੱਸਾ ਅਜੇ ਪੁਲ 'ਤੇ ਹੀ ਸੀ ਤਾਂ ਪੁੱਲ ਡਿੱਗ ਟੁੱਟ ਗਿਆ ਪਰੰਤੂ ਉਸ ਟਰੱਕ ਡਰਾਈਵਰ ਨੇ ਭਜਾ ਕੇ ਆਪਣੀ ਗੱਡੀ ਕੱਢ ਦਿੱਤੀ। ਪਰੰਤੂ ਜਿਹੜੀਆਂ ਦੋ ਗੱਡੀਆਂ ਪੁਲ ਦੇ ਉੱਪਰ ਸਨ ਉਹ ਪੁਲ ਦੇ ਨਾਲ ਹੀ ਹੇਠਾਂ ਡਿੱਗ ਗਈਆਂ।



ਪੁਲ ਡਿੱਗਣ ਤੋਂ ਬਾਅਦ, ਦੋਵੇਂ ਟਰੱਕ ਟੁੱਟੇ ਹੋਏ ਢਾਂਚੇ ਵਿੱਚ ਫਸ ਗਏ ਅਤੇ ਨਹਿਰ ਦੇ ਉੱਪਰ ਲਟਕਦੇ ਰਹੇ, ਜਦਕਿ ਭਾਖੜਾ ਨਹਿਰ ਦਾ ਪਾਣੀ ਡਿੱਗੇ ਹੋਏ ਪੁਲ ਦੇ ਉੱਪਰੋਂ ਵਹਿ ਰਿਹਾ ਸੀ। ਇੱਕ ਟਰੱਕ ਨੂੰ ਲੱਗੀ ਅੱਗ 'ਤੇ ਕਾਬੂ ਪਾਉਣ ਲਈ ਮੌਕੇ 'ਤੇ ਫਾਇਰ ਬ੍ਰਿਗੇਡ ਦੀ ਗੱਡੀ ਬੁਲਾਈ ਗਈ। ਜ਼ਿਲ੍ਹਾ ਪ੍ਰਸ਼ਾਸਨ ਦੀਆਂ ਬਚਾਅ ਟੀਮਾਂ, ਪੁਲੀਸ ਅਤੇ ਫਾਇਰ ਬ੍ਰਿਗੇਡ ਦੇ ਮੁਲਾਜ਼ਮਾਂ ਸਮੇਤ ਸਥਿਤੀ ਨੂੰ ਸੰਭਾਲਣ ਅਤੇ ਰਾਹਤ ਤੇ ਬਚਾਅ ਕਾਰਜ ਚਲਾਉਣ ਲਈ ਮੌਕੇ 'ਤੇ ਪਹੁੰਚ ਗਈਆਂ।

ਆਲੇ ਦੁਆਲੇ ਲੋਹੇ ਦਾ ਜੰਗਲਾ ਹੋਣ ਕਾਰਨ ਪੁਲ ਪਾਣੀ ਵਿੱਚ ਤਾਂ ਨਹੀਂ ਰੁੜੀਆਂ ਪੂਰੂ ਇੱਕ ਟਰੱਕ ਨੂੰ ਅੱਗ ਲੱਗ ਗਈ ਅਤੇ ਉਹ ਨਸ਼ਟ ਹੋ ਗਿਆ। ਮੁਢਲੀ ਜਾਣਕਾਰੀ ਅਨੁਸਾਰ ਕਿਹਾ ਜਾ ਰਿਹਾ ਹੈ ਕਿ ਅੱਗ ਟਰੱਕ ਦੀਆਂ ਹੀ ਤਾਰਾਂ ਸ਼ਾਰਟ ਹੋਣ ਕਰਨ ਲੱਗੀ। ਇਸ ਦੌਰਾਨ ਇੱਕ ਡਰਾਈਵਰ ਨੂੰ ਗੰਭੀਰ ਸੱਟਾਂ ਲੱਗੀਆਂ ਜਿਸ ਨੂੰ ਪੁਲੀਸ ਨੇ ਹਸਪਤਾਲ ਦਾਖਲ ਕਰਾਇਆ ਹੈ ਹਾਲਾਂਕਿ ਕਿਸੇ ਤਰ੍ਹਾਂ ਦਾ ਜਾਨੀ ਨੁਕਸਾਨ ਹੋਣੋਂ ਬਚਾਅ ਰਿਹਾ। ਪ੍ਰਭਾਵਿਤ ਹਾਈਵੇਅ 'ਤੇ ਆਵਾਜਾਈ ਰੋਕ ਦਿੱਤੀ ਗਈ ਹੈ ਅਤੇ ਦੂਜੇ ਪਾਸੇ ਮੋੜ (ਡਾਇਵਰਟ) ਦਿੱਤੀ ਗਈ ਹੈ। ਦੱਸਣਯੋਗ ਹੈ ਕਿ ਇਹ ਕੌਮੀ ਮਾਰਗ 2016 ਵਿੱਚ ਮੁਕੰਮਲ ਹੋਇਆ ਸੀ ਅਤੇ ਇਹ ਪੁਲ ਵੀ ਉਸੇ ਸਮੇਂ ਬਣਾਇਆ ਗਿਆ ਸੀ—ਜਿਸ ਕਾਰਨ ਕਰੀਬ 10 ਸਾਲਾਂ ਬਾਅਦ ਹੀ ਇਸ ਦੇ ਡਿੱਗਣ 'ਤੇ ਕਈ ਸਵਾਲ ਖੜ੍ਹੇ ਹੋ ਰਹੇ ਹਨ। ਇਸ ਸਬੰਧੀ ਪੱਖ ਜਾਣਨ ਲਈ ਜ਼ਿਲ੍ਹਾ ਮੈਜਿਸਟ੍ਰੇਟ ਡਾ. ਹਿਮਾਂਸ਼ੂ ਅਗਰਵਾਲ ਨਾਲ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ, ਪਰ ਫੋਨ ਨਾ ਚੁੱਕਣ ਕਾਰਨ ਸੰਪਰਕ ਨਹੀਂ ਹੋ ਸਕਿਆ।

ਹੋਰ ਵੇਰਵਿਆਂ ਅਨੁਸਾਰ PB-03-23-9456 ਅਤੇ HR-63-2-4935 ਨੰਬਰਾਂ ਵਾਲੇ ਟਰੱਕ ਵਿੱਚ ਡਿੱਗੇ ਹਨ। ਜਿਨਾਂ ਵਿੱਚੋਂ ਇੱਕ ਟਰੱਕ ਨੂੰ ਅੱਗ ਲੱਗ ਗਈ। ਇਨ੍ਹਾਂ ਵਿੱਚੋਂ ਹੀ ਇੱਕ ਟਰੱਕ ਦੇ ਜਖਮੀ ਹੋਏ ਡਰਾਈਵਰ ਦੀ ਪਛਾਣ ਗੁਰਜੰਟ ਸਿੰਘ ਵਾਸੀ ਪਿੰਡ ਭਾਈ ਰੂਪਾ ਜ਼ਿਲ੍ਹਾ ਬਠਿੰਡਾ ਉਹ PB-03-23-9456 ਨੰਬਰ ਵਾਲੇ ਟਰੱਕ ਦਾ ਡਰਾਈਵਰ ਹੈ। ਜਿਸ ਨੂੰ ਇਲਾਜ ਲਈ ਰਾਜਿੰਦਰਾ ਹਸਪਤਾਲ ਪਟਿਆਲਾ ਭੇਜਿਆ ਗਿਆ ਹੈ।

ਹਾਈ ਕੋਰਟ ਵੱਲੋਂ ਪੀ ਸੀ ਐੱਸ ਭਰਤੀ ਪ੍ਰਕਿਰਿਆ 'ਤੇ ਰੋਕ

ਚੰਡੀਗੜ੍ਹ, 19 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਵੀਰਵਾਰ ਨੂੰ ਪੀ.ਸੀ.ਐੱਸ. ਅਤੇ ਅਲਾਇਡ ਸਰਵਿਸਿਜ਼ ਭਰਤੀ ਪ੍ਰਕਿਰਿਆ 'ਤੇ ਰੋਕ ਲਗਾ ਦਿੱਤੀ। ਜਸਟਿਸ ਸੰਦੀਪ ਮੌਦਗਿਲ ਦੇ ਇਹ ਨਿਰਦੇਸ਼ ਪੰਜਾਬ ਲੋਕ ਸੇਵਾ ਕਮਿਸ਼ਨ ਵੱਲੋਂ ਕਰਵਾਈ ਗਈ ਚੋਣ ਪ੍ਰਕਿਰਿਆ ਵਿੱਚ ਬੇਨਿਯਮੀਆਂ ਦੇ ਦੋਸ਼ ਲਗਾਉਣ ਵਾਲੀਆਂ ਅਤੇ ਮਾਮਲੇ ਦੀ ਸੁਤੰਤਰ ਜਾਂਚ ਦੀ ਮੰਗ ਕਰਨ ਵਾਲੀਆਂ ਪਟੀਸ਼ਨਾਂ 'ਤੇ ਸੁਣਵਾਈ ਦੌਰਾਨ ਆਏ ਹਨ।

ਪਟੀਸ਼ਨਾਂ ਵਿੱਚ 3 ਜਨਵਰੀ, 2025 ਦੇ ਇਸ਼ਤਿਹਾਰ ਰਾਹੀਂ ਸ਼ੁਰੂ ਕੀਤੀ ਗਈ ਭਰਤੀ ਅਤੇ 4 ਨਵੰਬਰ ਨੂੰ ਐਲਾਨੇ ਗਏ ਮੁੱਖ ਪ੍ਰੀਖਿਆ (mains) ਦੇ ਨਤੀਜੇ ਨੂੰ ਚੁਣੌਤੀ ਦਿੱਤੀ ਗਈ ਹੈ, ਜਿਸ ਵਿੱਚ 751 ਉਮੀਦਵਾਰਾਂ ਨੂੰ ਸ਼ਾਰਟਲਿਸਟ ਕੀਤਾ ਗਿਆ ਸੀ। ਮੁੱਖ ਇਤਰਾਜ਼ਾਂ ਵਿੱਚੋਂ ਇੱਕ ਸ਼ਾਰਟਲਿਸਟ ਕੀਤੇ ਗਏ ਉਮੀਦਵਾਰਾਂ ਦੀ ਸੂਚੀ ਵਿੱਚ ਲਗਾਤਾਰ ਰੋਲ ਨੰਬਰਾਂ ਦੇ ਸਮੂਹਾਂ ਨਾਲ ਸਬੰਧਤ ਹੈ।

ਪਟੀਸ਼ਨਕਰਤਾਵਾਂ ਨੇ ਦੋਸ਼ ਲਗਾਇਆ ਹੈ ਕਿ ਚੋਣ ਸੂਚੀ ਵਿੱਚ ਤਿੰਨ ਜਾਂ ਵੱਧ ਲਗਾਤਾਰ ਰੋਲ ਨੰਬਰਾਂ ਦੇ ਛੱਬੀ ਸਮੂਹ ਦਿਖਾਈ ਦਿੰਦੇ ਹਨ, ਜਿਨ੍ਹਾਂ ਵਿੱਚ 86 ਸ਼ਾਰਟਲਿਸਟ ਕੀਤੇ ਗਏ ਉਮੀਦਵਾਰ ਸ਼ਾਮਲ ਹਨ। ਉਨ੍ਹਾਂ ਨੇ 270 ਉਮੀਦਵਾਰਾਂ ਵਾਲੇ ਲਗਾਤਾਰ ਰੋਲ ਨੰਬਰਾਂ ਦੇ 118 ਸਮੂਹਾਂ ਦੀ ਹੋਰ ਪਛਾਣ ਕੀਤੀ ਹੈ, ਅਜਿਹਾ ਅੰਕੜਾ ਜਿਸ ਨੂੰ, ਨੋਟ ਦੇ ਅਨੁਸਾਰ, ਕਮਿਸ਼ਨ ਨੇ ਸਵੀਕਾਰ ਕੀਤਾ ਹੈ।

ਪਟੀਸ਼ਨਕਰਤਾਵਾਂ ਦੀ ਨੁਮਾਇੰਦਗੀ ਸੀਨੀਅਰ ਵਕੀਲਾਂ ਚੇਤਨ ਮਿੱਤਲ, ਅਮਿਤ ਝਾਂਜੀ ਅਤੇ ਜੀ.ਕੇ. ਮਾਨ ਨੇ ਕੀਤੀ। ਪਟੀਸ਼ਨਕਰਤਾਵਾਂ ਨੇ ਨਤੀਜੇ ਵਿੱਚ ਸ਼੍ਰੇਣੀ-ਵਾਰ (category-wise) ਵੈਂਡ ਨਾ ਹੋਣ 'ਤੇ ਵੀ ਸਵਾਲ ਉਠਾਏ ਹਨ, ਇਹ ਦੋਸ਼ ਲਾਇਆ ਕਿ ਮੁੱਢਲੀ ਅਤੇ ਮੁੱਖ ਪ੍ਰੀਖਿਆਵਾਂ ਵਿੱਚ ਵੱਖ-ਵੱਖ ਰੋਲ ਨੰਬਰਾਂ ਅਤੇ ਰਜਿਸਟ੍ਰੇਸ਼ਨ ਨੰਬਰਾਂ ਨੇ ਤੁਲਨਾ ਕਰਨਾ ਮੁਸ਼ਕਲ ਬਣਾ ਦਿੱਤਾ।

ਇੱਕ ਹੋਰ ਵੱਡੀ ਚੁਣੌਤੀ ਇਸ਼ਤਿਹਾਰ ਤੋਂ ਬਾਅਦ ਯੋਗਤਾ ਦੀਆਂ ਸ਼ਰਤਾਂ ਵਿੱਚ ਬਦਲਾਅ ਨਾਲ ਸਬੰਧਤ ਹੈ। ਅਸਲ ਸ਼ਰਤ ਵਿੱਚ ਉਮੀਦਵਾਰਾਂ ਲਈ ਦਸਵੀਂ ਵਿੱਚ ਪੰਜਾਬੀ ਨੂੰ ਲਾਜ਼ਮੀ ਜਾਂ ਚੋਣਵੇਂ ਵਿਸ਼ੇ ਵਜੋਂ ਜਾਂ ਬਰਾਬਰ ਦੀ ਪ੍ਰੀਖਿਆ ਪਾਸ ਕਰਨਾ ਜ਼ਰੂਰੀ ਸੀ।

ਡਿਪਟੀ ਕਮਿਸ਼ਨਰ ਵੱਲੋਂ ਭਾਖੜਾ ਨਹਿਰ 'ਤੇ ਪੁਲ ਟੁੱਟਣ ਦੀ ਘਟਨਾ ਦਾ ਜਾਇਜ਼ਾ, ਜਾਨੀ ਨੁਕਸਾਨ ਤੋਂ ਬਚਾਅ

ਪਟਿਆਲਾ, 19 ਨਵੰਬਰ
-ਛਤਰਪਾਲ ਸਿੰਘ-

ਪਟਿਆਲਾ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਅੱਜ ਸਵੇਰੇ ਐੱਨ.ਐੱਚ.-64 (ਨਵਾਂ ਐੱਨ.ਐੱਚ.-07) ਦੇ ਪਟਿਆਲਾ ਬਾਈਪਾਸ ਸੈਕਸ਼ਨ 'ਤੇ ਭਾਖੜਾ ਮੇਨ ਲਾਈਨ ਨਹਿਰ ਉਪਰ ਪਸਿਆਣਾ ਨੇੜੇ ਸਥਿਤ 60 ਮੀਟਰ ਲੰਬੇ ਸਟੀਲ ਟਰੱਸ ਬ੍ਰਿਜ ਦੇ ਟੁੱਟਣ ਦੀ ਘਟਨਾ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਦੱਸਿਆ ਕਿ ਇਸ ਹਾਦਸੇ ਵਿੱਚ ਕਿਸੇ ਜਾਨੀ ਨੁਕਸਾਨ ਤੋਂ ਬਚਾਅ ਹੋ ਗਿਆ ਹੈ, ਜਦਕਿ ਜ਼ਖ਼ਮੀ ਟਰੱਕ ਚਾਲਕ ਦਾ ਸਰਕਾਰੀ ਰਾਜਿੰਦਰਾ



ਹਸਪਤਾਲ ਵਿਖੇ ਇਲਾਜ ਚੱਲ ਰਿਹਾ ਹੈ। ਇਸ ਮੌਕੇ ਐੱਸ.ਡੀ.ਐੱਮ. ਗੁਰਦੇਵ ਸਿੰਘ, ਜਲ ਸਰੋਤ ਵਿਭਾਗ ਦੇ ਨਿਗਰਾਨ ਇੰਜੀਨੀਅਰ ਰਮਨ ਬੈਂਸ, ਕਾਰਜਕਾਰੀ ਇੰਜੀਨੀਅਰ ਗੁਰਸ਼ਰਨ ਸਿੰਘ ਵਿਰਕ ਅਤੇ ਨੈਸ਼ਨਲ ਹਾਈਵੇਅ ਅਥਾਰਟੀ ਆਫ਼ ਇੰਡੀਆ ਦੇ ਅਧਿਕਾਰੀ ਵੀ ਮੌਜੂਦ ਸਨ।

ਡਿਪਟੀ ਕਮਿਸ਼ਨਰ ਡਾ.ਸੋਨਾ ਥਿੰਦ ਵੱਲੋਂ ਜਨਗਣਨਾ-2027 ਦੇ ਦੂਜੇ ਪੜਾਅ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ

ਫਤਹਿਗੜ੍ਹ ਸਾਹਿਬ, 19 ਨਵੰਬਰ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਜਨਗਣਨਾ-2027 ਦੇ ਦੂਜੇ ਪੜਾਅ ਤਹਿਤ ਆਬਾਦੀ ਦੀ ਗਿਣਤੀ ਲਈ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਸਥਾਨਕ ਬੱਚਤ ਭਵਨ ਵਿਖੇ ਪ੍ਰਿੰਸੀਪਲ ਸੈਂਸਸ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ.ਸੋਨਾ ਥਿੰਦ ਵੱਲੋਂ ਵੱਖ ਵੱਖ ਵਿਭਾਗਾਂ ਦੀ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਅਧਿਕਾਰੀ ਤੇ ਕਰਮਚਾਰੀਆਂ ਦੀ ਤਾਇਨਾਤੀ, ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਦੀ ਸਿਖਲਾਈ, ਗਣਨਾ ਬਲਾਕਾਂ ਦੀ



ਬਣਤਰ ਅਤੇ ਹੋਰ ਲੋੜੀਂਦੇ ਪ੍ਰਬੰਧਾਂ ਦੀ ਪ੍ਰਗਤੀ ਬਾਰੇ ਵਿਸਥਾਰ ਨਾਲ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਹਦਾਇਤ ਕੀਤੀ ਕਿ ਹਰੇਕ ਸੈਂਸਜ਼ ਚਾਰਜ ਅਧੀਨ ਤਿਆਰੀਆਂ ਦੀ ਲਗਾਤਾਰ ਸਮੀਖਿਆ ਕੀਤੀ ਜਾਵੇ। ਉਹਨਾਂ ਕਿਹਾ ਕਿ ਜਨਗਣਨਾ ਦੇ ਕਾਰਜ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਫ਼ੀਲਡ ਪੱਧਰ 'ਤੇ ਤਾਇਨਾਤ ਅਮਲੇ ਨੂੰ ਆਪਣੀਆਂ ਜ਼ਿੰਮੇਵਾਰੀਆਂ ਅਤੇ ਕਾਰਜਪ੍ਰਣਾਲੀ ਬਾਰੇ ਪੂਰੀ ਜਾਣਕਾਰੀ ਹੋਣੀ ਜ਼ਰੂਰੀ ਹੈ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਗਿਣਤੀਕਾਰਾਂ ਅਤੇ ਸੁਪਰਵਾਈਜ਼ਰਾਂ ਦੀ ਸਿਖਲਾਈ ਸਬੰਧੀ ਸੰਚਾਰ ਸਾਧਨਾਂ ਦੀ ਸੁਚੱਜੀ ਵਰਤੋਂ ਪ੍ਰਬੰਧਾਂ ਦੀ ਸਮੀਖਿਆ ਕਰਨ ਅਤੇ ਲੋੜ ਅਨੁਸਾਰ ਉਨ੍ਹਾਂ ਦੇ ਸ਼ੰਕਿਆਂ ਦਾ ਨਿਪਟਾਰਾ ਕਰਨ ਲਈ ਆਖਿਆ।

ਡਿਪਟੀ ਕਮਿਸ਼ਨਰ ਨੇ ਵਿਸ਼ੇਸ਼ ਤੌਰ ਤੇ 30 ਨਵੰਬਰ, 2026 ਤੱਕ ਚੱਲਣ ਵਾਲੀ ਸਵੈ-ਗਣਨਾ ਮੁਹਿੰਮ ਬਾਰੇ ਲੋਕਾਂ ਨੂੰ ਜਾਗਰੂਕ ਕਰਨ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਇਸ ਮੁਹਿੰਮ ਦੇ ਸਮੇਂ, ਉਦੇਸ਼ ਅਤੇ ਭਾਗੀਦਾਰੀ ਦੀ ਪ੍ਰਕਿਰਿਆ ਬਾਰੇ ਜਾਣਕਾਰੀ ਆਮ ਲੋਕਾਂ ਤੱਕ ਸਰਲ ਅਤੇ ਸਪੱਸ਼ਟ ਭਾਸ਼ਾ ਵਿੱਚ ਪਹੁੰਚਾਈ ਜਾਵੇ, ਤਾਂ ਜੋ ਵੱਧ ਤੋਂ ਵੱਧ ਲੋਕ ਇਸ ਵਿੱਚ ਹਿੱਸਾ ਲੈ ਸਕਣ। ਉਨ੍ਹਾਂ ਹਦਾਇਤ ਕੀਤੀ ਕਿ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਵਿਆਪਕ ਪ੍ਰਚਾਰ ਲਈ ਉਪਲਬਧ ਸੰਚਾਰ ਸਾਧਨਾਂ ਦੀ ਸੁਚੱਜੀ ਵਰਤੋਂ ਕੀਤੀ ਜਾਵੇ। ਲੋਕ ਜਾਗਰੂਕਤਾ ਗਤੀਵਿਧੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ ਲਈ ਸਬੰਧਤ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਇਹ ਯਕੀਨੀ ਬਣਾਉਣ ਕਿ ਮੁਹਿੰਮ ਬਾਰੇ ਜਾਣਕਾਰੀ ਹਰ ਵਰਗ ਤੱਕ ਪਹੁੰਚੇ। ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਇਸਮਤ ਵਿਜੈ ਸਿੰਘ, ਸਹਾਇਕ ਕਮਿਸ਼ਨਰ ਸੂਬਾ ਸਿੰਘ, ਐੱਸ ਡੀ ਐੱਮ ਖਮਾਣੋਂ ਅਭਿਮਨਿਊ ਮਲਿਕ, ਐੱਸ ਡੀ ਐੱਮ ਅਮਲੋਹ ਹਰਵੀਰ ਕੌਰ, ਸਮੂਹ ਸੈਂਸਸ ਚਾਰਜ ਅਫ਼ਸਰ, ਸਹਾਇਕ ਖੋਜ ਅਫ਼ਸਰ ਹਰਮਨਦੀਪ ਕੌਰ, ਜ਼ਿਲ੍ਹਾ ਕੋਆਰਡੀਨੇਟਰ ਚੰਨਪ੍ਰੀਤ ਸਿੰਘ ਤੇ ਹੋਰ ਅਧਿਕਾਰੀ ਹਾਜ਼ਰ ਸਨ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਚਾਰ ਰੋਜ਼ਾ ਸਮਾਗਮ



ਫ਼ਤਹਿਗੜ੍ਹ ਸਾਹਿਬ,19 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਸ੍ਰੀ ਗੁਰੂ ਨਾਨਕ ਦੇਵ ਜੀ ਦੇ 558ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਵਿਖੇ ਚਾਰ ਰੋਜ਼ਾ ਸਮਾਗਮ ਕਰਵਾਏ ਜਾ ਰਹੇ ਹਨ। ਇਨ੍ਹਾਂ ਦਾ ਉਦੇਸ਼ ਗੁਰੂ ਸਾਹਿਬ ਦੀਆਂ ਸਿੱਖਿਆਵਾਂ, ਸੇਵਾ, ਮਨੁੱਖਤਾ ਅਤੇ ਸਰਬੱਤ ਦੇ ਭਲੇ ਦੇ ਸੰਦੇਸ਼ ਨੂੰ ਅਮਲੀ ਰੂਪ ਦੇਣਾ ਹੈ। ਉਪ-ਕੁਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਮਨੁੱਖਤਾ ਲਈ ਸਦੀਵੀ ਪ੍ਰੇਰਨਾ ਦੱਸਦਿਆਂ ਸੇਵਾ, ਬਰਾਬਰੀ ਅਤੇ ਵੰਡ ਛਕਣ ਦੀ ਮਹੱਤਤਾ ਉਜਾਗਰ ਕੀਤੀ। ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਵਿਦਿਆਰਥੀ ਭਲਾਈ ਡਾ. ਸਿਕੰਦਰ ਸਿੰਘ ਅਤੇ ਰਜਿਸਟਰਾਰ ਪ੍ਰੋ. (ਡਾ.) ਤੇਜਬੀਰ ਸਿੰਘ ਨੇ ਵੀ ਸਮਾਗਮਾਂ ਦੀ ਮਹੱਤਤਾ ਬਾਰੇ ਵਿਚਾਰ ਸਾਂਝੇ ਕੀਤੇ। ਕਨਵੀਨਰ ਡਾ. ਹਰਨੀਤ ਬਿਲਿੰਗ, ਡੀਨ, ਸਿੱਖਿਆ ਅਤੇ ਸੂਚਨਾ ਵਿਗਿਆਨ ਫੈਕਲਟੀ ਨੇ ਇਸ ਉਪਰਾਲੇ ਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਦੇ ਪ੍ਰਚਾਰ ਦਾ ਸਾਧਨ ਦੱਸਿਆ।

ਯੂਨੀਵਰਸਿਟੀ ਦੇ ਫਿਜ਼ਿਓਥੈਰੇਪੀ ਵਿਭਾਗ ਵੱਲੋਂ ਤਿੰਨ ਮੁਫ਼ਤ ਸਿਹਤ ਕੈਂਪ ਲਗਾਏ ਗਏ। ਰਾਜਿੰਦਰਾ ਹਸਪਤਾਲ, ਪਟਿਆਲਾ ਦੇ ਸਹਿਯੋਗ ਨਾਲ ਖ਼ੂਨਦਾਨ ਕੈਂਪ ਵਿੱਚ 100 ਯੂਨਿਟ ਖ਼ੂਨ ਇਕੱਤਰ ਹੋਇਆ। ਸ਼ਾਲਬੀ ਮਲਟੀਸਪੈਸ਼ਲਿਟੀ ਹਸਪਤਾਲ, ਮੋਹਾਲੀ ਦੇ ਸਹਿਯੋਗ ਨਾਲ ਲਗਾਏ ਜਾਂਚ ਕੈਂਪ ਵਿੱਚ ਡਾ. (ਪ੍ਰੋ.) ਆਦਿੱਤਿਆ ਅਗਰਵਾਲ ਅਤੇ ਡਾ. ਹਨੀ ਸ਼ਰਮਾ ਨੇ ਮਾਹਿਰ ਸਲਾਹ ਦਿੱਤੀ। ਫਿਜ਼ਿਓਥੈਰੇਪੀ ਕੈਂਪ ਵਿੱਚ ਡਾ. ਸੁਪ੍ਰੀਤ ਬਿੰਦਰਾ ਅਤੇ ਡਾ. ਪੰਕਜਪ੍ਰੀਤ ਸਿੰਘ ਨੇ ਸਲਾਹ ਦਿੱਤੀ। ਇਨ੍ਹਾਂ ਕ

ਸੰਪਾਦਕੀ

ਮੁਕੱਦਮੇ ਦੀ ਉਮਰ ਕੈਦ.

34 ਸਾਲ ਬਾਅਦ ਆਇਆ ਫ਼ੈਸਲਾ: ਮੁਲਜ਼ਮ ਨੂੰ ਸਜ਼ਾ ਮਿਲਣ ਤੋਂ ਪਹਿਲਾਂ ਇਨਸਾਫ਼ ਦੀ ਉਡੀਕ ਕਰਦਿਆਂ ਇੱਕ ਪੀੜ੍ਹੀ ਲੰਘ ਗਈ.



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਲੋਕਤੰਤਰ ਵਿੱਚ ਨਿਆਂ ਦੀ ਸਭ ਤੋਂ ਵੱਡੀ ਖ਼ੂਬੀ ਇਹ ਨਹੀਂ ਕਿ ਅਦਾਲਤ ਵਿੱਚ ਫ਼ੈਸਲਾ ਸੁਣਾਇਆ ਜਾਂਦਾ ਹੈ, ਸਗੋਂ ਇਹ ਹੈ ਕਿ ਫ਼ੈਸਲਾ ਸਮੇਂ ਸਿਰ ਸੁਣਾਇਆ ਜਾਂਦਾ ਹੈ। ਪਰ ਜੇ ਕਿਸੇ ਪਰਿਵਾਰ ਨੂੰ ਇਨਸਾਫ਼ ਦੀ ਉਡੀਕ ਵਿੱਚ ਤਿੰਨ ਦਹਾਕਿਆਂ ਤੋਂ ਵੱਧ ਸਮਾਂ ਗੁਜ਼ਾਰਨਾ ਪਵੇ ਤਾਂ ਸਵਾਲ ਸਿਰਫ਼ ਮੁਲਜ਼ਮ ਦੀ ਸਜ਼ਾ ਦਾ ਨਹੀਂ ਰਹਿੰਦਾ, ਸਗੋਂ ਪੂਰੇ ਨਿਆਂ ਪ੍ਰਬੰਧ ਦੀ ਕਾਰਗੁਜ਼ਾਰੀ ਦਾ ਬਣ ਜਾਂਦਾ ਹੈ।

ਮੋਹਾਲੀ ਦੀ ਵਿਸ਼ੇਸ਼ ਸੀਬੀਆਈ ਅਦਾਲਤ ਵੱਲੋਂ 1992 ਦੇ ਇੱਕ ਹਿਰਾਸਤੀ ਗੁੰਮਸ਼ੁਦਗੀ ਮਾਮਲੇ ਵਿੱਚ ਪੰਜਾਬ ਪੁਲਿਸ ਦੇ ਸਾਬਕਾ ਐੱਸਐੱਸਪੀ ਗੁਰਮੀਤ ਸਿੰਘ ਰੰਧਾਵਾ ਨੂੰ ਦੋਸ਼ੀ ਕਰਾਰ ਦਿੱਤੇ ਜਾਣ ਦੀ ਖ਼ਬਰ ਇਸੇ ਕੌੜੀ ਹਕੀਕਤ ਨੂੰ ਸਾਹਮਣੇ ਲਿਆਉਂਦੀ ਹੈ। ਅਖ਼ਬਾਰ ਵਿੱਚ ਛਪੀ ਰਿਪੋਰਟ ਮੁਤਾਬਕ 25 ਨਵੰਬਰ 1992 ਨੂੰ ਲੁਧਿਆਣਾ ਦੇ ਟਰਾਂਸਪੋਰਟਰ ਅਮਰੀਕ ਸਿੰਘ ਸਕਰੀ ਨੂੰ ਇੱਕ ਵਿਆਹ ਸਮਾਗਮ ਵਿੱਚੋਂ ਅਗਵਾ ਕੀਤਾ ਗਿਆ ਅਤੇ ਉਸ ਤੋਂ ਬਾਅਦ ਉਹ ਲਾਪਤਾ ਹੋ ਗਏ।

ਇਹ ਕੋਈ ਆਮ ਗੁੰਮਸ਼ੁਦਗੀ ਨਹੀਂ ਸੀ। ਪਰਿਵਾਰ ਲਈ ਇਹ ਇੱਕ ਅਜਿਹਾ ਸਵਾਲ ਬਣ ਗਿਆ ਜਿਸ ਦਾ ਜਵਾਬ ਲੱਭਦਿਆਂ ਸਾਲ ਦਹਾਕਿਆਂ ਵਿੱਚ ਬਦਲ ਗਏ। 1996 ਵਿੱਚ ਪਤਨੀ ਵੱਲੋਂ ਹੈਬੀਅਸ ਕਾਰਪਸ ਪਟੀਸ਼ਨ ਦਾਇਰ ਕੀਤੀ ਗਈ। ਫਰਵਰੀ 2000 ਵਿੱਚ ਸੀਬੀਆਈ ਨੇ ਮੁੱਢਲੀ ਜਾਂਚ ਤੋਂ ਬਾਅਦ ਕੇਸ ਦਰਜ ਕੀਤਾ। 2001 ਵਿੱਚ ਪੰਜ ਪੁਲਿਸ ਮੁਲਾਜ਼ਮਾਂ ਵਿਰੁੱਧ ਚਾਰਜਸ਼ੀਟ ਦਾਇਰ ਹੋਈ। ਫਿਰ ਮੁਕੱਦਮੇ ਵਿੱਚ ਲੰਮੇ ਠਹਿਰਾਅ ਆਏ। 2022 ਵਿੱਚ ਅਦਾਲਤੀ ਰਿਕਾਰਡ ਗੁੰਮ ਹੋਣ ਕਾਰਨ ਮੁੜ ਤਿਆਰ ਕੀਤੇ ਜਾਣ ਮਗਰੋਂ ਸੁਣਵਾਈ ਨੇ ਫਿਰ ਰਫ਼ਤਾਰ ਫੜੀ।

ਅਖ਼ੀਰ 2026 ਵਿੱਚ ਦੋਸ਼ ਸਾਬਤ ਹੋਣ ਦੀ ਖ਼ਬਰ ਸਾਹਮਣੇ ਆਈ। ਰਿਪੋਰਟ ਅਨੁਸਾਰ ਅਦਾਲਤ ਨੇ ਰੰਧਾਵਾ ਨੂੰ ਭਾਰਤੀ ਦੰਡਾਵਲੀ ਦੀਆਂ ਧਾਰਾਵਾਂ 365 ਅਤੇ 120-ਬੀ ਤਹਿਤ ਦੋਸ਼ੀ ਠਹਿਰਾਇਆ, ਜਦਕਿ ਸਹਿ-ਮੁਲਜ਼ਮ ਸਾਬਕਾ ਪੁਲਿਸ ਗਾਰਡ ਪਰਮਿੰਦਰਜੀਤ ਸਿੰਘ ਨੂੰ ਸਬੂਤਾਂ ਦੀ ਘਾਟ ਕਾਰਨ ਬਰੀ ਕਰ ਦਿੱਤਾ ਗਿਆ। ਇਹ ਵੀ ਧਿਆਨ ਰਹੇ ਕਿ ਦੋਸ਼ੀ ਕਰਾਰ ਦੇਣਾ ਅਤੇ ਸਜ਼ਾ ਸੁਣਾਉਣਾ ਦੋ ਵੱਖਰੇ ਨਿਆਂਇਕ ਪੜਾਅ ਹਨ।

ਇੱਥੇ ਵਿਅੰਗ ਆਪਣੇ ਆਪ ਪੈਦਾ ਹੁੰਦਾ ਹੈ। ਆਮ ਆਦਮੀ ਦੀ ਜ਼ਿੰਦਗੀ ਵਿੱਚ ਤਿੰਨ ਦਹਾਕੇ ਬੀਤ ਜਾਣ ਤਾਂ ਬੱਚੇ ਜਵਾਨ, ਜਵਾਨ ਬੁੱਢੇ ਅਤੇ ਕਈ ਵਾਰ ਪੀੜ੍ਹੀਆਂ ਹੀ ਬਦਲ ਜਾਂਦੀਆਂ ਹਨ; ਪਰ ਮੁਕੱਦਮੇ ਦੀ ਫ਼ਾਈਲ ਕਈ ਵਾਰ ਉਸੇ ਮੇਜ਼ ਉੱਤੇ ਪਈ ਰਹਿੰਦੀ ਹੈ। ਲੱਗਦਾ ਹੈ ਸਾਡੇ ਨਿਆਂ ਪ੍ਰਬੰਧ ਵਿੱਚ ਕੈਲੰਡਰ ਦੀਆਂ ਤਰੀਕਾਂ ਤਾਂ ਬਦਲਦੀਆਂ ਹਨ, ਪਰ ਇਨਸਾਫ਼ ਦੀ ਘੜੀ ਨੂੰ ਚਾਬੀ ਦੇਣ ਵਾਲਾ ਕੋਈ ਨਹੀਂ ਮਿਲਦਾ।

ਜਦੋਂ ਗਵਾਹ ਮੁੱਕ ਗਏ, ਮੁਲਜ਼ਮ ਦੁਨੀਆ ਤੋਂ ਰੁਖ਼ਸਤ ਹੋ ਗਏ, ਪਰ ਮੁਕੱਦਮਾ ਜਿਉਂਦਾ ਰਿਹਾ! ਇਸ ਮਾਮਲੇ ਦੀ ਸਭ ਤੋਂ ਦੁਖਦਾਈ ਪਰ ਹੈਰਾਨ ਕਰਨ ਵਾਲੀ ਪਰਤ ਇਹ ਹੈ ਕਿ ਦੇਰੀ ਸਿਰਫ਼ ਤਰੀਕਾਂ ਪੈਣ ਤੱਕ ਸੀਮਤ ਨਹੀਂ ਰਹੀ। ਅਦਾਲਤੀ ਕਾਰਵਾਈ ਦੌਰਾਨ ਅਹਿਮ ਰਿਕਾਰਡ ਵੀ ਗੁੰਮ ਹੋ ਗਏ। ਵਿਆਹ ਦੀਆਂ ਤਸਵੀਰਾਂ, ਵੀਡੀਓ ਫੁਟੇਜ, ਗਵਾਹਾਂ ਦੇ ਬਿਆਨ ਅਤੇ ਪੁਲਿਸ ਵਾਹਨਾਂ ਦੀਆਂ ਲੌਗ ਬੁੱਕਾਂ ਵਰਗੇ ਸਬੂਤ ਅਦਾਲਤੀ ਫ਼ਾਈਲਾਂ ਵਿੱਚੋਂ ਗਾਇਬ ਹੋਣ ਦੀ ਗੱਲ ਸਾਹਮਣੇ ਆਈ। ਬਾਅਦ ਵਿੱਚ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਨਿਰਦੇਸ਼ਾਂ 'ਤੇ ਰਿਕਾਰਡ ਮੁੜ ਤਿਆਰ ਕਰਵਾਇਆ ਗਿਆ।

ਸੀਬੀਆਈ ਵੱਲੋਂ ਪੇਸ਼ ਕੀਤੇ ਗਏ 47 ਗਵਾਹਾਂ ਵਿੱਚੋਂ ਸਿਰਫ਼ 16 ਹੀ ਅਦਾਲਤ ਵਿੱਚ ਗਵਾਹੀ ਦੇ ਸਕੇ। ਬਾਕੀ ਕਈ ਗਵਾਹ ਦੁਨੀਆ ਤੋਂ ਰੁਖ਼ਸਤ ਹੋ ਗਏ। ਤਿੰਨ ਪੁਲਿਸ ਮੁਲਾਜ਼ਮਾਂ ਦੀ ਮੌਤ ਕਾਰਨ ਉਨ੍ਹਾਂ ਵਿਰੁੱਧ ਕਾਰਵਾਈ ਵੀ ਖ਼ਤਮ ਹੋ ਗਈ। ਮੁਕੱਦਮੇ ਦਾ ਮੁੱਖ ਸਾਜ਼ਿਸ਼ਕਾਰ ਦੱਸਿਆ ਗਿਆ ਤਤਕਾਲੀ ਐੱਸਐੱਸਪੀ ਅਜੀਤ ਸਿੰਘ ਸੰਧੂ ਵੀ ਜਾਂਚ ਦੌਰਾਨ ਹੀ ਮਰ ਗਿਆ।

ਇੱਥੇ ਇੱਕ ਗੰਭੀਰ ਸਵਾਲ ਖੜ੍ਹਾ ਹੁੰਦਾ ਹੈ: ਜਦੋਂ ਗਵਾਹ ਹੀ ਨਹੀਂ ਰਹੇ, ਮੁਲਜ਼ਮਾਂ ਵਿੱਚੋਂ ਕਈ ਜੀਉਂਦੇ ਨਹੀਂ ਰਹੇ ਅਤੇ ਸਬੂਤਾਂ ਨੂੰ ਮੁੜ ਜੋੜਨਾ ਪਿਆ, ਤਾਂ ਇਸ ਦੇਰੀ ਦੀ ਜਵਾਬਦੇਹੀ ਕਿਸ ਦੀ ਬਣਦੀ ਹੈ? ਕੀ ਸਿਰਫ਼ ਅੰਤਿਮ ਫ਼ੈਸਲਾ ਸੁਣਾ ਦੇਣਾ ਹੀ ਪ੍ਰਬੰਧ ਦੀ ਜ਼ਿੰਮੇਵਾਰੀ ਪੂਰੀ ਕਰ ਦਿੰਦਾ ਹੈ? ਅਦਾਲਤੀ ਰਿਕਾਰਡ ਗੁੰਮ ਹੋਣਾ ਕੋਈ ਆਮ ਦਫ਼ਤਰੀ ਭੁੱਲ ਨਹੀਂ, ਇਹ ਨਿਆਂ ਦੀ ਨੀਂਹ ਨਾਲ ਜੁੜਿਆ ਮਾਮਲਾ ਹੈ। ਜੇ ਰਿਕਾਰਡ ਦੀ ਰਾਖੀ ਹੀ ਨਹੀਂ ਹੋ ਸਕਦੀ ਤਾਂ ਇਨਸਾਫ਼ ਦੀ ਰਾਖੀ ਕਿਵੇਂ ਹੋਵੇਗੀ?

ਇਸ ਕੇਸ ਵਿੱਚ ਦੋ ਦਹਾਕਿਆਂ ਤੋਂ ਵੱਧ ਸਮੇਂ ਤੱਕ ਉੱਚ ਅਦਾਲਤਾਂ ਦੇ ਹੁਕਮਾਂ ਕਾਰਨ ਸੁਣਵਾਈ ਰੁਕੀ ਰਹਿਣ ਦੀ ਗੱਲ ਵੀ ਰਿਪੋਰਟਾਂ ਵਿੱਚ ਦਰਜ ਹੈ। ਕਾਨੂੰਨ ਹਰ ਮੁਲਜ਼ਮ ਨੂੰ ਆਪਣਾ ਪੱਖ ਰੱਖਣ, ਅਪੀਲ ਕਰਨ ਅਤੇ ਨਿਰਪੱਖ ਸੁਣਵਾਈ ਦਾ ਪੂਰਾ ਹੱਕ ਦਿੰਦਾ ਹੈ। ਪਰ ਇਸ ਹੱਕ ਦੀ ਆੜ ਵਿੱਚ ਬੇਅੰਤ ਦੇਰੀ ਹੋਵੇ ਤਾਂ ਨਿਆਂ ਪ੍ਰਣਾਲੀ ਨੂੰ ਉਸ ਦਾ ਹਿਸਾਬ ਵੀ ਰੱਖਣਾ ਪਵੇਗਾ। ਕਾਨੂੰਨੀ ਹੱਕ ਅਤੇ ਕਾਨੂੰਨੀ ਪ੍ਰਕਿਰਿਆ ਦੀ ਦੁਰਵਰਤੋਂ ਦੋ ਵੱਖਰੀਆਂ ਗੱਲਾਂ ਹਨ।

ਸਾਡੇ ਸੰਵਿਧਾਨ ਦੀ ਧਾਰਾ 21 ਜੀਵਨ ਅਤੇ ਨਿੱਜੀ ਆਜ਼ਾਦੀ ਦੀ ਰਾਖੀ ਕਰਦੀ ਹੈ। ਸੁਪਰੀਮ ਕੋਰਟ ਨੇ ਕਈ ਫ਼ੈਸਲਿਆਂ ਵਿੱਚ ਤੇਜ਼ ਸੁਣਵਾਈ ਦੇ ਹੱਕ ਨੂੰ ਇਸੇ ਧਾਰਾ ਦਾ ਅਹਿਮ ਹਿੱਸਾ ਮੰਨਿਆ ਹੈ।

ਤੇਜ਼ ਇਨਸਾਫ਼ ਸਿਰਫ਼ ਮੁਲਜ਼ਮ ਦਾ ਹੱਕ ਨਹੀਂ, ਪੀੜਤ ਪਰਿਵਾਰ ਅਤੇ ਸਮਾਜ ਦੀ ਵੀ ਲੋੜ ਹੈ। ਦੇਰੀ ਨਾਲ ਸਬੂਤ ਕਮਜ਼ੋਰ ਹੁੰਦੇ ਹਨ, ਗਵਾਹ ਖ਼ਤਮ ਹੋ ਜਾਂਦੇ ਹਨ ਅਤੇ ਨਿਆਂ ਦੀ ਭਰੋਸੇਯੋਗਤਾ ਨੂੰ ਸੱਟ ਵੱਜਦੀ ਹੈ।

ਇਸ ਮਾਮਲੇ ਵਿੱਚ ਇੱਕ ਹੋਰ ਅਹਿਮ ਪੱਖ ਪੁਲਿਸ ਦੀ ਜਵਾਬਦੇਹੀ ਦਾ ਹੈ। ਪੁਲਿਸ ਲੋਕਾਂ ਦੀ ਸੁਰੱਖਿਆ ਲਈ ਬਣੀ ਸੰਸਥਾ ਹੈ, ਕਿਸੇ ਦੀ ਜ਼ਿੰਦਗੀ ਅਤੇ ਆਜ਼ਾਦੀ ਨੂੰ ਆਪਣੀ ਮਰਜ਼ੀ ਅਨੁਸਾਰ ਵਰਤਣ ਦਾ ਅਧਿਕਾਰ ਰੱਖਣ ਵਾਲੀ ਤਾਕਤ ਨਹੀਂ। ਜੇ ਕਿਸੇ ਵਿਅਕਤੀ ਨੂੰ ਪੁਲਿਸ ਚੁੱਕ ਕੇ ਲੈ ਜਾਂਦੀ ਹੈ ਤਾਂ ਉਸ ਦੀ ਗ੍ਰਿਫ਼ਤਾਰੀ, ਹਿਰਾਸਤ, ਪੁੱਛਗਿੱਛ ਅਤੇ ਰਿਹਾਈ ਦਾ ਪੂਰਾ ਰਿਕਾਰਡ ਹੋਣਾ ਲਾਜ਼ਮੀ ਹੈ। ਹਿਰਾਸਤ ਵਿੱਚ ਲਏ ਵਿਅਕਤੀ ਦੀ ਸੁਰੱਖਿਆ ਦੀ ਜ਼ਿੰਮੇਵਾਰੀ ਸਰਕਾਰੀ ਤੰਤਰ ਦੀ ਹੁੰਦੀ ਹੈ। ਇਹ ਜ਼ਿੰਮੇਵਾਰੀ ਕਿਸੇ ਅਧਿਕਾਰੀ ਦੀ ਵਰਦੀ, ਅਹੁਦੇ ਜਾਂ ਪ੍ਰਭਾਵ ਨਾਲ ਖ਼ਤਮ ਨਹੀਂ ਹੋ ਜਾਂਦੀ।

ਇਹ ਵੀ ਜ਼ਰੂਰੀ ਹੈ ਕਿ ਇਸ ਮਾਮਲੇ ਨੂੰ ਕਿਸੇ ਇੱਕ ਪੁਲਿਸ ਅਧਿਕਾਰੀ ਦੀ ਸਜ਼ਾ ਤੱਕ ਸੀਮਤ ਨਾ ਕੀਤਾ ਜਾਵੇ। ਉਸ ਦੌਰ ਵਿੱਚ ਪੰਜਾਬ ਨੇ ਅੱਤਵਾਦ, ਹਿੰਸਾ ਅਤੇ ਅਸੁਰੱਖਿਆ ਦਾ ਭਾਰੀ ਸੰਤਾਪ ਹੰਢਾਇਆ। ਹਾਲਾਤ ਕਿੰਨੇ ਵੀ ਔਖੇ ਕਿਉਂ ਨਾ ਹੋਣ, ਕਾਨੂੰਨ ਦੀ ਹਕੂਮਤ ਦਾ ਅਸੂਲ ਨਹੀਂ ਬਦਲ ਸਕਦਾ। ਅੱਤਵਾਦ ਨਾਲ ਲੜਨ ਦਾ ਮਤਲਬ ਕਾਨੂੰਨ ਨੂੰ ਪਾਸੇ ਰੱਖਣਾ ਨਹੀਂ, ਸਗੋਂ ਕਾਨੂੰਨ ਨੂੰ ਹੋਰ ਮਜ਼ਬੂਤੀ ਨਾਲ ਲਾਗੂ ਕਰਨਾ ਹੈ। ਕਿਸੇ ਵੀ ਜੁਰਮ ਦੀ ਜਾਂਚ ਅਤੇ ਸਜ਼ਾ ਸਬੂਤਾਂ ਅਤੇ ਕਾਨੂੰਨੀ ਪ੍ਰਕਿਰਿਆ ਅਨੁਸਾਰ ਹੀ ਹੋਣੀ ਚਾਹੀਦੀ ਹੈ।

ਸਜ਼ਾ ਹੋ ਗਈ, ਪਰ ਸਵਾਲ ਅਜੇ ਵੀ ਜਿਉਂਦਾ ਹੈ: 12 ਨਵੰਬਰ 2026 ਨੂੰ ਅਦਾਲਤ ਨੇ ਗੁਰਮੀਤ ਸਿੰਘ ਰੰਧਾਵਾ ਨੂੰ ਧਾਰਾ 365 ਤਹਿਤ ਪੰਜ ਸਾਲ ਅਤੇ ਧਾਰਾ 120-ਬੀ ਤਹਿਤ ਦੋ ਸਾਲ ਦੀ ਕੈਦ ਸੁਣਾਈ। ਦੋਵੇਂ ਸਜ਼ਾਵਾਂ ਇਕੱਠੀਆਂ ਚੱਲਣ ਕਾਰਨ ਕੁੱਲ ਕੈਦ ਪੰਜ ਸਾਲ ਰਹੇਗੀ।

ਇਸ ਤੋਂ ਇਲਾਵਾ 75 ਹਜ਼ਾਰ ਰੁਪਏ ਜੁਰਮਾਨਾ ਵੀ ਲਾਇਆ ਗਿਆ। ਪੀੜਤ ਧਿਰ ਦੀ ਮੰਗ 'ਤੇ ਮੁਆਵਜ਼ੇ ਲਈ ਮਾਮਲਾ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਕੋਲ ਭੇਜਿਆ ਗਿਆ। ਪਰ ਅਮਰੀਕ ਸਿੰਘ ਸਕਰੀ ਦਾ ਅਸਲ ਟਿਕਾਣਾ ਅੱਜ ਵੀ ਅਣਜਾਣ ਹੈ।

ਇਸ ਲਈ ਇਹ ਫ਼ੈਸਲਾ ਇੱਕ ਪਾਸੇ ਕਾਨੂੰਨ ਦੀ ਜਿੱਤ ਹੈ, ਪਰ ਦੂਜੇ ਪਾਸੇ ਨਿਆਂ ਪ੍ਰਬੰਧ ਲਈ ਆਤਮ-ਪੜਚੋਲ ਦਾ ਮੌਕਾ ਵੀ ਹੈ। ਸਜ਼ਾ ਮਿਲਣਾ ਮਹੱਤਵਪੂਰਨ ਹੈ, ਪਰ ਗੁੰਮ ਹੋਏ ਇਨਸਾਨ ਦਾ ਪਤਾ ਲੱਗਣਾ, ਪਰਿਵਾਰ ਨੂੰ ਸੱਚ ਦੱਸਣਾ ਅਤੇ ਅਜਿਹੀ ਘਟਨਾ ਮੁੜ ਨਾ ਵਾਪਰਨ ਦੇ ਪ੍ਰਬੰਧ ਕਰਨਾ ਵੀ ਇਨਸਾਫ਼ ਦਾ ਹਿੱਸਾ ਹੈ।

ਹੁਣ ਲੋੜ ਹੈ ਕਿ ਲੰਮੇ ਸਮੇਂ ਤੱਕ ਲਟਕੇ ਮੁਕੱਦਮਿਆਂ ਦੀ ਨਿਯਮਤ ਸਮੀਖਿਆ ਹੋਵੇ, ਅਦਾਲਤੀ ਰਿਕਾਰਡ ਦਾ ਡਿਜੀਟਲੀਕਰਨ ਹੋਵੇ, ਗਵਾਹਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ, ਪੁਲਿਸ ਹਿਰਾਸਤ ਦਾ ਪਾਰਦਰਸ਼ੀ ਰਿਕਾਰਡ ਰੱਖਿਆ ਜਾਵੇ ਅਤੇ ਬਿਨਾਂ ਵਾਜਬ ਕਾਰਨ ਸੁਣਵਾਈ ਲਟਕਾਉਣ ਵਾਲਿਆਂ ਦੀ ਜਵਾਬਦੇਹੀ ਤੈਅ ਹੋਵੇ। ਦੇਰੀ ਦੇ ਕਾਰਨਾਂ ਦੀ ਨਿਰਪੱਖ ਜਾਂਚ ਹੋਵੇ ਅਤੇ ਜਿੱਥੇ ਕਿਸੇ ਅਧਿਕਾਰੀ ਜਾਂ ਸੰਸਥਾ ਦੀ ਲਾਪਰਵਾਹੀ ਸਾਹਮਣੇ ਆਵੇ, ਉੱਥੇ ਕਾਰਵਾਈ ਵੀ ਹੋਵੇ।

ਲੋਕਤੰਤਰ ਵਿੱਚ ਇਨਸਾਫ਼ ਕੋਈ ਡਾਕਖ਼ਾਨੇ ਦੀ ਰਜਿਸਟਰੀ ਨਹੀਂ ਕਿ ਤਿੰਨ ਦਹਾਕੇ ਬਾਅਦ ਮਿਲੇ ਤਾਂ ਵੀ ਭੇਜਣ ਵਾਲਾ ਆਪਣੀ ਜ਼ਿੰਮੇਵਾਰੀ ਪੂਰੀ ਸਮਝ ਲਵੇ। ਇਨਸਾਫ਼ ਦੀ ਕੀਮਤ ਉਸ ਦੀ ਸਮੇਂ ਸਿਰ ਪਹੁੰਚ ਵਿੱਚ ਹੈ। ਜੇ ਪੀੜਤ ਪਰਿਵਾਰ ਦੀ ਇੱਕ ਪੀੜ੍ਹੀ ਅਦਾਲਤਾਂ ਦੇ ਗੇੜੇ ਕੱਢਦਿਆਂ ਲੰਘ ਜਾਵੇ ਤਾਂ ਅਗਲੀ ਪੀੜ੍ਹੀ ਨੂੰ ਸਿਰਫ਼ ਫ਼ੈਸਲੇ ਦੀ ਕਾਪੀ ਨਹੀਂ, ਨਿਆਂ ਪ੍ਰਣਾਲੀ ਵਿੱਚ ਭਰੋਸਾ ਵੀ ਮਿਲਣਾ ਚਾਹੀਦਾ ਹੈ।

ਸਵਾਲ ਇਹ ਨਹੀਂ ਕਿ 34 ਸਾਲ ਬਾਅਦ ਇਨਸਾਫ਼ ਹੋਇਆ ਜਾਂ ਨਹੀਂ। ਸਵਾਲ ਇਹ ਹੈ ਕਿ ਇਨਸਾਫ਼ ਨੂੰ 34 ਸਾਲ ਕਿਉਂ ਲੱਗੇ? ਕਿਉਂਕਿ ਜਿੱਥੇ ਨਿਆਂ ਦੇਰ ਨਾਲ ਮਿਲਦਾ ਹੈ, ਉੱਥੇ ਸਜ਼ਾ ਤਾਂ ਇੱਕ ਵਿਅਕਤੀ ਨੂੰ ਮਿਲਦੀ ਹੈ, ਪਰ ਸਵਾਲ ਪੂਰੇ ਪ੍ਰਬੰਧ ਦੇ ਮੱਥੇ ਲੱਗ ਜਾਂਦਾ ਹੈ।

ਇਨਸਾਫ਼ ਦੀ ਘੜੀ ਚੱਲਣੀ ਚਾਹੀਦੀ ਹੈ, ਰੁਕਣੀ ਨਹੀਂ। ਕਿਉਂਕਿ ਮੁਲਜ਼ਮ ਦੀ ਉਮਰ, ਗਵਾਹ ਦੀ ਉਮਰ ਅਤੇ ਪੀੜਤ ਦੇ ਪਰਿਵਾਰ ਦੀ ਉਮਰ—ਕਿਸੇ ਕੋਲ ਵੀ ਅਦਾਲਤੀ ਤਰੀਕਾਂ ਜਿੰਨਾ ਸਬਰ ਨਹੀਂ ਹੁੰਦਾ।

ਭਾਰਤ ਸਮੇਤ ਨੌ ਹੋਰ ਦੇਸ਼ਾਂ ਨੇ 'ਸਾਂ ਫਰਾਂਸਿਸਕੋ ਐਲਾਨਨਾਮੇ' ਉੱਤੇ ਦਸਤਖ਼ਤ

ਬੀਤੇ ਦਿਨੀਂ ਅਮਰੀਕਾ ਅਤੇ ਭਾਰਤ ਸਮੇਤ ਨੌ ਹੋਰ ਦੇਸ਼ਾਂ ਨੇ 'ਸਾਂ ਫਰਾਂਸਿਸਕੋ ਐਲਾਨਨਾਮੇ' ਉੱਤੇ ਦਸਤਖ਼ਤ ਕੀਤੇ ਹਨ, ਜਿਸ ਦਾ ਮੁੱਖ ਮਕਸਦ ਉੱਭਰ ਰਹੀਆਂ ਤਕਨਾਲੋਜੀਆਂ ਵਿੱਚ ਚੀਨ ਦੇ ਵਧਦੇ ਦਬਦਬੇ ਦੇ ਮੱਦੇਨਜ਼ਰ ਮਸਨੂਈ ਬੁੱਧੀ ਯਾਨੀ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਸਪਲਾਈ ਚੇਨ ਨੂੰ ਸੁਰੱਖਿਅਤ ਕਰਨਾ ਹੈ। ਅਜਿਹੇ ਸਮੇਂ ਜਦੋਂ ਤਕਨਾਲੋਜੀਕਲ ਸਰਵਉੱਚਤਾ ਵਿਸ਼ਵ ਆਰਥਿਕ ਅਤੇ ਰਣਨੀਤਕ ਮੁਕਾਬਲੇਬਾਜ਼ੀ ਦੇ ਕੇਂਦਰ ਵਿੱਚ ਆ ਰਹੀ ਹੈ, ਇਹ ਸਮਝੌਤਾ ਅਮਰੀਕਾ ਵੱਲੋਂ 'ਸੁਪਰ ਇੰਟੈਲੀਜੈਂਸ' ਯੁੱਗ ਕਰਾਰ ਦਿੱਤੇ ਗਏ ਇਸ ਦੌਰ ਵਿੱਚ ਅੰਤਰਰਾਸ਼ਟਰੀ ਸਹਿਯੋਗ ਦੀ ਜ਼ਰੂਰਤ 'ਤੇ ਜ਼ੋਰ ਦਿੰਦਾ ਹੈ। ਅਮਰੀਕਾ ਦੀ ਅਗਵਾਈ ਹੇਠਲੀ 'ਪੈਕਸ ਸਿਲਿਕਾ' ਪਹਿਲਕਦਮੀ ਇਸ ਬੁਨਿਆਦੀ ਸਚਾਈ ਨੂੰ ਮਾਨਤਾ ਦਿੰਦੀ ਹੈ ਕਿ ਕੋਈ ਵੀ ਦੇਸ਼ ਇਕੱਲੇ ਤੌਰ 'ਤੇ ਗੁੰਝਲਦਾਰ ਏ ਆਈ ਈਕੋਸਿਸਟਮ ਦੇ ਹਰ ਲਿੰਕ ਨੂੰ ਸੁਰੱਖਿਅਤ ਨਹੀਂ ਕਰ ਸਕਦਾ। ਮਹੱਤਵਪੂਰਨ ਖਣਿਜਾਂ ਅਤੇ ਸੈਮੀਕੰਡਕਟਰ ਨਿਰਮਾਣ ਤੋਂ ਲੈ ਕੇ ਊਰਜਾ ਨੈੱਟਵਰਕਾਂ ਅਤੇ ਡਿਜੀਟਲ ਬੁਨਿਆਦੀ ਢਾਂਚੇ ਤੱਕ, ਤਕਨਾਲੋਜੀ ਦੀ ਤਰੱਕੀ ਆਪਸ ਵਿੱਚ ਜੁੜੀਆਂ ਹੋਈਆਂ ਗਲੋਬਲ ਸਪਲਾਈ ਚੇਨਾਂ ਉੱਤੇ ਨਿਰਭਰ ਕਰਦੀ ਹੈ। ਇਨ੍ਹਾਂ ਨੈੱਟਵਰਕਾਂ ਵਿੱਚ ਕਿਸੇ ਵੀ ਤਰ੍ਹਾਂ ਦਾ ਵਿਘਨ ਆਰਥਿਕ ਅਤੇ ਭੂ-ਸਿਆਸੀ ਪੱਧਰ 'ਤੇ ਗੰਭੀਰ ਨਤੀਜੇ ਪੈਦਾ ਕਰ ਸਕਦਾ ਹੈ। ਭਾਰਤ ਵਰਗੇ ਉੱਭਰਦੇ ਮੁਲਕ ਲਈ ਇਸ ਸਮਝੌਤੇ ਵਿੱਚ ਸ਼ਾਮਲ ਹੋਣਾ ਆਪਣੇ ਨਾਲ ਜਿੱਥੇ ਅਹਿਮ ਰਣਨੀਤਕ ਮੌਕੇ ਲੈ ਕੇ ਆਉਂਦਾ ਹੈ, ਉੱਥੇ ਹੀ ਇਸ ਦੀਆਂ ਕੁਝ ਵੱਡੀਆਂ ਜ਼ਿੰਮੇਵਾਰੀਆਂ ਵੀ ਹਨ। ਤਕਨਾਲੋਜੀ ਦੇ ਤੇਜ਼ੀ ਨਾਲ ਫੈਲ ਰਹੇ ਬਾਜ਼ਾਰ ਅਤੇ ਆਲਮੀ ਪੱਧਰ ਉੱਤੇ ਇੱਕ ਪ੍ਰਮੁੱਖ ਸੈਮੀਕੰਡਕਟਰ ਤੇ ਨਿਰਮਾਣ ਕੇਂਦਰ ਵਜੋਂ ਸਥਾਪਤ ਹੋਣ ਦੀਆਂ ਇੱਛਾਵਾਂ ਰੱਖਣ ਵਾਲੇ ਦੇਸ਼ ਵਜੋਂ ਭਾਰਤ ਮਜ਼ਬੂਤ ਭਾਈਵਾਲੀ, ਵੱਖ-ਵੱਖ ਸਪਲਾਈ ਲੜੀਆਂ, ਭਾਰੀ ਨਿਵੇਸ਼ ਅਤੇ ਅਤਿ-ਆਧੁਨਿਕ ਤਕਨਾਲੋਜੀਆਂ ਤੱਕ ਪਹੁੰਚ ਤੋਂ ਭਰਪੂਰ ਲਾਹਾ ਲੈ ਸਕਦਾ ਹੈ। ਭਰੋਸੇਯੋਗ ਭਾਈਵਾਲਾਂ ਨਾਲ ਸਹਿਯੋਗ ਕੁਝ ਕੁ ਦੇਸ਼ਾਂ ਉੱਤੇ ਬਹੁਤ ਜ਼ਿਆਦਾ ਨਿਰਭਰਤਾ ਨੂੰ ਵੀ ਘਟਾ ਸਕਦਾ ਹੈ ਅਤੇ ਭਾਰਤ ਦੀ ਆਰਥਿਕ ਲਚਕਤਾ ਨੂੰ ਮਜ਼ਬੂਤੀ ਪ੍ਰਦਾਨ ਕਰ ਸਕਦਾ ਹੈ। ਦੂਜੇ ਪਾਸੇ, ਇਹ ਐਲਾਨਨਾਮਾ ਏ ਆਈ ਕ੍ਰਾਂਤੀ ਦੇ ਮੁੱਖ ਮੋਢੀਆਂ ਵਿੱਚੋਂ ਇੱਕ, 'ਐਨਵੀਡੀਆ' ਤੋਂ ਜੇਸਨ ਹੁਆਂਗ ਦੇ ਅਚਾਨਕ ਬਾਹਰ ਹੋਣ ਦੇ ਪਿਛੋਕੜ ਵਿੱਚ ਸਾਹਮਣੇ ਆਇਆ ਹੈ। ਇਸ ਅਨਿਸ਼ਚਿਤਤਾ ਦੇ ਮਾਹੌਲ ਵਿੱਚ ਤਕਨੀਕੀ ਕੰਪਨੀਆਂ ਵੱਲੋਂ ਐਨਵੀਡੀਆ ਦੇ



ਮੌਤ ਦੀ ਸਜ਼ਾ ਖਤਮ ਕਰਨ ਦੇ ਮਤੇ 'ਤੇ ਭਾਰਤ ਦੇ ਵਿਰੋਧ ਦੀ ਦਲ ਖਾਲਸਾ ਵੱਲੋਂ ਆਲੋਚਨਾ

ਅੰਮ੍ਰਿਤਸਰ, 19 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮੈਕਸੀਕੋ ਵੱਲੋਂ ਯੂਨਾਈਟਿਡ ਨੇਸ਼ਨਜ਼ ਵਿੱਚ ਮੌਤ ਦੀ ਸਜ਼ਾ ਉੱਤੇ ਦੁਨੀਆ ਭਰ ਵਿੱਚ ਰੋਕ ਲਾਉਣ ਦੇ ਪੇਸ਼ ਕੀਤੇ ਮਤੇ ਦਾ ਭਾਰਤ ਵੱਲੋਂ ਵਿਰੋਧ ਕਰਨ ਦੀ ਦਲ ਖ਼ਾਲਸਾ ਨੇ ਸਖ਼ਤ ਆਲੋਚਨਾ ਕੀਤੀ ਹੈ।

ਦਲ ਖ਼ਾਲਸਾ ਦੇ ਆਗੂ ਕੰਵਰਪਾਲ ਸਿੰਘ ਨੇ ਕਿਹਾ ਕਿ ਅਮਰੀਕਾ, ਇਰਾਨ, ਚੀਨ, ਪਾਕਿਸਤਾਨ, ਭਾਰਤ ਅਤੇ ਮਤੇ ਦਾ ਵਿਰੋਧ ਕਰਨ ਵਾਲੇ ਹੋਰਨਾਂ ਮੁਲਕਾਂ ਨੂੰ ਅਪੀਲ ਕੀਤੀ ਕਿ ਉਹ ਯੂ.ਐਨ.ਓ ਦੀ ਜਨਰਲ ਅਸੈਂਬਲੀ ਵਿੱਚ ਦਸੰਬਰ ਵਿੱਚ ਹੋਣ ਵਾਲੀ ਅੰਤਰਿਮ ਵੋਟਿੰਗ ਤੋਂ ਪਹਿਲਾਂ ਆਪਣੇ ਪੈਂਤੜੇ ਉੱਤੇ ਮੁੜ ਗੌਰ ਕਰਨ। ਜਥੇਬੰਦੀ ਨੇ ਮੰਗ ਕੀਤੀ ਕਿ ਫਾਂਸੀਆਂ ਉੱਤੇ ਤੁਰੰਤ ਰੋਕ ਲਾਈ ਜਾਵੇ, ਮੌਤ ਦੀ ਸਜ਼ਾ ਵਾਲੇ ਮਾਮਲਿਆਂ ਦੀ ਆਜ਼ਾਦਾਨਾ ਪੜਤਾਲ ਕਰਵਾਈ ਜਾਵੇ ਅਤੇ ਮੌਤ ਦੀ ਸਜ਼ਾ ਨੂੰ ਸਦਾ ਲਈ ਖ਼ਤਮ ਕਰਨ ਵੱਲ ਖੁੱਲ੍ਹੇ ਅਤੇ ਪਾਰਦਰਸ਼ੀ ਢੰਗ ਨਾਲ ਕਦਮ ਚੁੱਕੇ ਜਾਣ।ਸਿੱਖਾਂ ਦੀ ਆਜ਼ਾਦੀ ਦੀ ਹਾਮੀ ਜਥੇਬੰਦੀ ਨੇ ਮੌਤ ਦੀ ਸਜ਼ਾ ਉੱਤੇ ਰੋਕ ਲਾਉਣ ਦੇ ਹੱਕ ਵਿੱਚ 133 ਮੁਲਕਾਂ ਵੱਲੋਂ ਦਿੱਤੇ ਸਮਰਥਨ ਦਾ ਸਵਾਗਤ ਕੀਤਾ।

ਜਥੇਬੰਦੀ ਨੇ ਲਾਜ਼ਮੀ ਮੌਤ ਦੀ ਸਜ਼ਾ ਵਾਲੇ ਕਾਨੂੰਨ ਖ਼ਤਮ ਕਰਨ ਅਤੇ ਕਮਜ਼ੋਰ ਤੇ ਬੇਸਹਾਰਾ ਵਰਗਾਂ ਦੇ ਹੱਕਾਂ ਦੀ ਰਾਖੀ ਲਈ ਵਧੇਰੇ ਪੁਖ਼ਤਾ ਪ੍ਰਬੰਧ ਕਰਨ ਦੀ ਮੰਗ ਦੀ ਵੀ ਹਮਾਇਤ ਕੀਤੀ।ਦਲ ਖ਼ਾਲਸਾ ਦੇ ਆਗੂ ਨੇ ਕਿਹਾ ਕਿ, ਇਨਸਾਫ਼ ਦਾ ਮਕਸਦ ਸਮਾਜ ਦੀ ਰਾਖੀ ਕਰਨਾ ਹੋਣਾ ਚਾਹੀਦਾ ਹੈ, ਨਾ ਕਿ ਬਦਲੇ ਦੀ ਭਾਵਨਾ ਨੂੰ ਜਿਉਂਦਾ ਰੱਖਣਾ। ਭਾਰਤ ਵੱਲੋਂ ਮੌਤ ਦੀ ਸਜ਼ਾ ਨੂੰ ਸਿਰਫ਼ 'ਵਿਰਲਿਆਂ ਵਿੱਚੋਂ ਵਿਰਲੇ' ਮਾਮਲਿਆਂ ਤੱਕ ਸੀਮਤ ਰੱਖਣ ਦੇ ਦਾਅਵੇ ਉੱਤੇ ਸਵਾਲ ਚੁੱਕਦਿਆਂ ਉਨਾਂ ਨੇ ਕਿਹਾ, ਭਾਰਤ ਕੌਮਾਂਤਰੀ ਮੰਚਾਂ ਉੱਤੇ ਇਹ ਦਾਅਵਾ ਕਰਦਾ ਹੈ ਕਿ ਮੌਤ ਦੀ ਸਜ਼ਾ ਸਿਰਫ਼ ਵਿਰਲਿਆਂ ਵਿੱਚੋਂ ਵਿਰਲੇ ਮਾਮਲਿਆਂ ਵਿੱਚ ਹੀ ਦਿੱਤੀ ਜਾਂਦੀ ਹੈ, ਪਰ ਇਸ ਦਾ ਪਿਛਲਾ ਰਿਕਾਰਡ ਫਾਂਸੀ ਦੀ ਸਜ਼ਾ ਦੀ ਸਿਆਸੀ ਵਰਤੋਂ ਬਾਰੇ ਗੰਭੀਰ ਸਵਾਲ ਖੜ੍ਹੇ ਕਰਦਾ ਹੈ। ਸਿੱਖ, ਕਸ਼ਮੀਰੀ ਅਤੇ ਤਾਮਿਲ ਕੈਦੀਆਂ ਦੇ ਮਾਮਲਿਆਂ ਵਿੱਚ ਹੋਈ ਘੋਰ ਬੇਇਨਸਾਫ਼ੀ ਅਤੇ ਅੰਨਿਆਂ ਨੇ ਵਾਰ-ਵਾਰ ਇਨਸਾਫ਼ ਵਿੱਚ ਵਿਤਕਰੇ, ਦੋਹਰੇ ਮਾਪਦੰਡਾਂ ਅਤੇ ਸਿਆਸੀ ਦਖ਼ਲਅੰਦਾਜ਼ੀ ਬਾਰੇ ਡੂੰਘੀਆਂ ਚਿੰਤਾਵਾਂ ਪੈਦਾ ਕੀਤੀਆਂ ਹਨ।

ਦਲ ਖ਼ਾਲਸਾ ਆਗੂ ਨੇ ਟਿੱਪਣੀ ਕਰਦਿਆਂ ਕਿਹਾ ਕਿ ਜਦੋਂ ਇਨਸਾਫ਼ ਦੇਣ ਵਾਲਾ ਮੁਲਕ ਸਿਆਸੀ ਵੈਰ-ਵਿਰੋਧ ਦੇ ਪਰਛਾਵੇਂ ਹੇਠ ਕੰਮ ਕਰਦਾ ਹੋਵੇ, ਉਦੋਂ ਮੌਤ ਦੀ ਸਜ਼ਾ ਹੋਰ ਵੀ ਖ਼ਤਰਨਾਕ ਬਣ ਜਾਂਦੀ ਹੈ।

ਦਲ ਖ਼ਾਲਸਾ ਨੇ ਮੌਤ ਦੀ ਸਜ਼ਾ ਨੂੰ ਬਰਕਰਾਰ ਰੱਖਣ ਲਈ ਭਾਰਤ ਵੱਲੋਂ ਆਪਣੀ ਪ੍ਰਭੂਸੱਤਾ ਦੀ ਦਿੱਤੀ ਜਾ ਰਹੀ ਦਲੀਲ ਦੀ ਵੀ ਤਿੱਖੀ ਆਲੋਚਨਾ ਕੀਤੀ। ਜਥੇਬੰਦੀ ਨੇ ਕਿਹਾ ਕਿ ਪ੍ਰਭੂਸੱਤਾ ਦੀ ਆੜ ਹੇਠ ਭਾਰਤੀ ਹਕੂਮਤ ਤੋਂ ਆਜ਼ਾਦੀ ਚਾਹੁਣ ਵਾਲੇ ਲੋਕਾਂ ਦੇ ਸਿਆਸੀ ਹੱਕਾਂ, ਉਨ੍ਹਾਂ ਦੀ ਆਜ਼ਾਦੀ ਦੀ ਤਾਂਘ ਅਤੇ ਆਪਣੇ ਭਵਿੱਖ ਬਾਰੇ ਆਪ ਫ਼ੈਸਲਾ ਕਰਨ ਦੇ ਹੱਕ ਨੂੰ ਕੁਚਲਿਆ ਨਹੀਂ ਜਾ ਸਕਦਾ।

ਰਵੀ ਕਾਂਤ ਮੁਨੀ ਵੱਲੋਂ ਪਟਿਆਲਾ ਦੇ ਨਵ-ਨਿਯੁਕਤ ਡਿਪਟੀ ਕਮਿਸ਼ਨਰ ਦਾ ਗੁਲਾਬ ਦਾ ਫੁੱਲ ਭੇਟ ਕਰਕੇ ਨਿੱਘਾ ਸਵਾਗਤ

ਪਟਿਆਲਾ, 19 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬੀ ਹਿੰਦੂ ਗਰੁੱਪ (ਹਿੰਦੂ ਵੈਲਫੇਅਰ ਬੋਰਡ) ਦੇ ਚੇਅਰਮੈਨ ਮਹੰਤ ਸ੍ਰੀ ਰਵੀ ਕਾਂਤ ਮੁਨੀ ਜੀ ਨੇ ਪਟਿਆਲਾ ਦੇ ਨਵ-ਨਿਯੁਕਤ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ, ਆਈ.ਏ.ਐੱਸ. ਨਾਲ ਉਨ੍ਹਾਂ ਦੇ ਦਫ਼ਤਰ ਵਿਖੇ ਸ਼ਿਸ਼ਟਾਚਾਰ ਮੁਲਾਕਾਤ ਕਰਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ।



ਇਸ ਮੌਕੇ ਮਹੰਤ ਸ੍ਰੀ ਰਵੀ ਕਾਂਤ ਮੁਨੀ ਜੀ ਨੇ ਨਵ-ਨਿਯੁਕਤ ਡਿਪਟੀ ਕਮਿਸ਼ਨਰ ਨੂੰ ਗੁਲਾਬ ਦਾ ਫੁੱਲ ਭੇਟ ਕਰਕੇ ਉਨ੍ਹਾਂ ਨੂੰ ਨਵੀਂ ਪ੍ਰਸ਼ਾਸਨਿਕ ਜ਼ਿੰਮੇਵਾਰੀ ਸੰਭਾਲਣ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੁਲਾਕਾਤ ਦੌਰਾਨ ਪੰਜਾਬੀ ਹਿੰਦੂ ਗਰੁੱਪ ਦੇ ਸਕੱਤਰ ਸ੍ਰੀ ਚੇਤਨ ਦੇਵ ਵੀ ਮੌਜੂਦ ਸਨ।

ਇਹ ਮੁਲਾਕਾਤ ਬਹੁਤ ਹੀ ਸੁਖਾਵੇਂ ਅਤੇ ਸਦਭਾਵਨਾ ਭਰੇ ਮਾਹੌਲ ਵਿੱਚ ਹੋਈ। ਇਸ ਦੌਰਾਨ ਲੋਕ ਭਲਾਈ, ਸਮਾਜਿਕ ਸਰੋਕਾਰਾਂ ਅਤੇ ਧਰਮਾਰਥ (ਧਾਰਮਿਕ ਸੰਸਥਾਵਾਂ ਅਤੇ ਧਾਰਮਿਕ ਸੰਪਤੀਆਂ ਨਾਲ ਸਬੰਧਤ) ਮੁੱਦਿਆਂ ਬਾਰੇ ਹਲਕੀ-ਫੁਲਕੀ ਵਿਚਾਰ-ਚਰਚਾ ਹੋਈ। ਮਹੰਤ ਸ੍ਰੀ ਰਵੀ ਕਾਂਤ ਮੁਨੀ ਜੀ ਨੇ ਸਮਾਜ ਦੀ ਭਲਾਈ ਨਾਲ ਜੁੜੇ ਵੱਖ-ਵੱਖ ਵਿਸ਼ਿਆਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਸਮਾਜਿਕ ਤੇ ਧਾਰਮਿਕ ਸੰਸਥਾਵਾਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਵਿਚਕਾਰ ਉਸਾਰੂ ਤਾਲਮੇਲ ਦੀ ਮਹੱਤਤਾ ਬਾਰੇ ਵੀ ਚਰਚਾ ਕੀਤੀ।

ਪੰਜਾਬ ਸਟੇਟ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਦੀ ਚੋਣ ਸਰਬਸੰਮਤੀ ਨਾਲ ਹੋਈ



ਫਤਿਹਗੜ੍ਹ ਸਾਹਿਬ, 19 ਨਵੰਬਰ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਟੇਟ ਵੈਟਰਨਰੀ ਇੰਸਪੈਕਟਰ ਐਸੋਸੀਏਸ਼ਨ ਦੀ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਦੀ ਚੋਣ ਸਰਬਸੰਮਤੀ ਨਾਲ ਹੋਈ, ਜਿਸ ਵਿੱਚ ਸਤਨਾਮ ਸਿੰਘ ਨੂੰ ਪ੍ਰਧਾਨ ਚੁਣਿਆ ਗਿਆ। ਇਸ ਤੋਂ ਇਲਾਵਾ ਕੁਲ ਬਰਿੰਦਰ ਸਿੰਘ ਨੂੰ ਸਟੇਟ ਕਮੇਟੀ ਮੈਂਬਰ, ਜੱਗ ਸੀਰ ਸਿੰਘ ਨੂੰ ਮੀਤ ਪ੍ਰਧਾਨ, ਬਲਜਿੰਦਰ ਸਿੰਘ ਨੂੰ ਸਕੱਤਰ ਅਤੇ ਸੰਦੀਪ ਕੁਮਾਰ ਨੂੰ ਵਿੱਤ ਸਕੱਤਰ ਚੁਣਿਆ ਗਿਆ।

ਇਸ ਮੌਕੇ ਨਵੀਂ ਚੁਣੀ ਗਈ ਟੀਮ ਨੇ ਐਸੋਸੀਏਸ਼ਨ ਵੱਲੋਂ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਮਿਹਨਤ ਅਤੇ ਇਮਾਨਦਾਰੀ ਨਾਲ ਨਿਭਾਉਣ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਵੈਟਰਨਰੀ ਇੰਸਪੈਕਟਰਾਂ ਨੂੰ ਕੰਮਕਾਜ ਦੌਰਾਨ ਆਉਣ ਵਾਲੀਆਂ ਸਮੱਸਿਆਵਾਂ ਨੂੰ ਸਰਕਾਰ ਅਤੇ ਸਬੰਧਤ ਵਿਭਾਗ ਦੇ ਧਿਆਨ ਵਿੱਚ ਲਿਆ ਕੇ ਉਨ੍ਹਾਂ ਦਾ ਹੱਲ ਕਰਵਾਉਣ ਲਈ ਯਤਨ ਕੀਤੇ ਜਾਣਗੇ।

ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਦੀ ਮਜ਼ਬੂਤੀ, ਮੁਲਾਜ਼ਮਾਂ ਦੇ ਹੱਕਾਂ ਦੀ ਰਾਖੀ ਅਤੇ ਜਥੇਬੰਦਕ ਗਤੀਵਿਧੀਆਂ ਨੂੰ ਹੋਰ ਸਰਗਰਮ ਬਣਾਉਣ ਲਈ ਮਿਲ ਕੇ ਕੰਮ ਕੀਤਾ ਜਾਵੇਗਾ। ਨਵੀਂ ਟੀਮ ਨੇ ਕਿਹਾ ਕਿ ਐਸੋਸੀਏਸ਼ਨ ਦੇ ਮੈਂਬਰਾਂ ਵੱਲੋਂ ਉਨ੍ਹਾਂ @ਤੇ ਜੋ ਭਰੋਸਾ ਪ੍ਰਗਟਾਇਆ ਗਿਆ ਹੈ, ਉਹ ਉਸ @ਤੇ ਖਰਾ ਉਤਰਨ ਦੀ ਪੂਰੀ ਕੋਸ਼ਿਸ਼ ਕਰਨਗੇ।

ਇਸ ਮੌਕੇ ਤਹਿਸੀਲ ਬਸੀ ਪਠਾਣਾ ਦੇ ਪ੍ਰਧਾਨ ਵਜੋਂ ਗੁਰਮੀਤ ਸਿੰਘ, ਤਹਿਸੀਲ ਖਮਾਣੋਂ ਦੇ ਪ੍ਰਧਾਨ ਵਜੋਂ ਸਰਜਿੰਦਰ ਸਿੰਘ, ਤਹਿਸੀਲ ਸਰਹਿੰਦ ਦੇ ਪ੍ਰਧਾਨ ਵਜੋਂ ਮਨਦੀਪ ਸਿੰਘ ਅਤੇ ਤਹਿਸੀਲ ਅਮਲੋਹ ਦੇ ਪ੍ਰਧਾਨ ਵਜੋਂ ਮਨਿੰਦਰ ਸਿੰਘ ਨੂੰ ਚੁਣਿਆ ਗਿਆ।

ਇਸ ਮੌਕੇ ਸਰਬਜੀਤ ਸਿੰਘ, ਹਰਮਨਪ੍ਰੀਤ ਸਿੰਘ, ਜਸਪ੍ਰੀਤ ਕੌਰ, ਅਮਨ ਬਤਰਾ, ਰਵਿੰਦਰ ਸਿੰਘ, ਗੁਰਪ੍ਰੀਤ ਸਿੰਘ ਖਮਾਣੋਂ, ਤਰਨਦੀਪ ਸਿੰਘ, ਸੁਨੀਲ ਕੁਮਾਰ ਅਤੇ ਸਵਰਨਜੀਤ ਸਿੰਘ ਸਮੇਤ ਹੋਰ ਮੈਂਬਰ ਵੀ ਹਾਜ਼ਰ ਸਨ।

ਲਾਵਾਰਿਸ ਮਿਲੀ ਕਰੀਬ 9 ਸਾਲਾ ਬੱਚੀ ਦੇ ਮਾਪਿਆਂ ਦੀ ਜਾਣਕਾਰੀ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਦੇ ਫੋਨ ਨੰਬਰ 99143-10010 'ਤੇ ਦਿੱਤੀ ਜਾਵੇ : ਹਰਭਜਨ ਸਿੰਘ ਮਹਿਮੀ

ਫ਼ਤਹਿਗੜ੍ਹ ਸਾਹਿਬ,19 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਸ੍ਰੀ ਹਰਭਜਨ ਸਿੰਘ ਮਹਿਮੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਿਤੀ 08 ਮਾਰਚ 2025 ਨੂੰ ਥਾਣਾ ਫਤਹਿਗੜ੍ਹਸਾਹਿਬ ਵੱਲੋਂ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਨੂੰ ਲਾਵਾਰਿਸ ਹਾਲਤ ਵਿੱਚ ਮਿਲੀ ਇੱਕ ਬੱਚੀ ਸਬੰਧੀ ਸੂਚਨਾ ਪ੍ਰਾਪਤ ਹੋਈ ਸੀ। ਉਨ੍ਹਾਂ ਦੱਸਿਆ ਕਿ ਬੱਚੀ ਆਪਣਾ ਨਾਮ ਖੁਸ਼ਬੂ ਅਤੇ ਉਮਰ ਲਗਭਗ 8-9 ਸਾਲ ਦੱਸ ਰਹੀ ਹੈ। ਬੱਚੀ ਅਨੁਸਾਰ ਉਸ ਦੇ ਪਿਤਾ ਦਾ ਨਾਮ ਕਾਲੂ ਅਤੇ



ਮਾਤਾ ਦਾ ਨਾਮ ਨੰਦਨੀ ਹੈ। ਬੱਚੀ ਨੇ ਪਹਿਲਾਂ ਆਪਣਾ ਪਤਾ ਬਟਾਲਾ ਦੱਸਿਆ ਸੀ, ਪਰ ਹੁਣ ਉਹ ਆਪਣਾ ਪਤਾ ਪਟਿਆਲਾ ਦੱਸ ਰਹੀ ਹੈ। ਉਨ੍ਹਾਂ ਬੱਚੀ ਦਾ ਹੁਲੀਆ ਦੱਸਦਿਆਂ ਕਿਹਾ ਕਿ ਬੱਚੀ ਦਾ ਰੰਗ ਸਾਂਵਲਾ, ਸਿਰ ਦੇ ਵਾਲ ਕਾਲੇ ਅਤੇ ਕੱਟੇ ਹੋਏ ਹਨ ਅਤੇ ਉਸ ਦਾ ਕੱਦ ਕਰੀਬ ਸਾਢੇਚਾਰਫੁੱਟ ਹੈ। ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਵੀ ਵਿਅਕਤੀ ਨੂੰ ਉਕਤ ਬੱਚੀ ਜਾਂ ਉਸ ਦੇ ਮਾਪਿਆਂ ਬਾਰੇ ਕੋਈ ਜਾਣਕਾਰੀ ਹੋਵੇ ਤਾਂ ਉਹ ਤੁਰੰਤ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਨਾਲ ਸਿੱਧੇ ਤੌਰ 'ਤੇ ਜਾਂ ਟੈਲੀਫੋਨ ਨੰਬਰ 99143-10010 'ਤੇ ਸੰਪਰਕ ਕਰਨ, ਤਾਂ ਜੋ ਬੱਚੀ ਨੂੰ ਉਸ ਦੇ ਮਾਪਿਆਂ ਤੱਕ ਪਹੁੰਚਾਉਣ ਵਿੱਚ ਮਦਦ ਕੀਤੀ ਜਾ ਸਕੇ।

ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਦੇ ਪਾਲਣਾ ਨਾ ਕਰਨ 'ਤੇ ਮਾਹਿਰ ਕਮੇਟੀ ਨਾਰਾਜ਼

ਅੰਮ੍ਰਿਤਸਰ, 19 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ 'ਦ ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ, 2026' ਨੂੰ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗਠਿਤ ਮਾਹਰ ਕਮੇਟੀ ਨੇ ਪੰਜਾਬ ਸਰਕਾਰ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਦੀ ਪਾਲਣਾ ਨਾ ਕਰਨ 'ਤੇ ਸਖ਼ਤ ਨਾਰਾਜ਼ਗੀ ਪ੍ਰਗਟਾਈ ਹੈ। ਕਮੇਟੀ ਨੇ ਕਿਹਾ ਹੈ ਕਿ ਦੋਵਾਂ ਕਮੇਟੀਆਂ ਵਿਚਕਾਰ ਪ੍ਰਸਤਾਵਿਤ ਇਕੱਤਰਤਾ ਤੋਂ ਪਹਿਲਾਂ 14 ਨਵੰਬਰ ਨੂੰ ਪੁੱਛੇ ਗਏ ਦੋ ਅਹਿਮ ਸਵਾਲਾਂ ਦੇ ਸਪੱਸ਼ਟ ਜਵਾਬ ਦਿੱਤੇ ਜਾਣ ਅਤੇ ਦੋਵਾਂ ਵਿਚ ਅੰਤਿਮ ਫੈਸਲਾ ਹੋਣ ਤੱਕ ਸੋਧੇ ਹੋਏ ਐਕਟ (ਨੰਬਰ 7/2026) ਦੇ ਅਮਲ 'ਤੇ ਤੁਰੰਤ ਮੁਕੰਮਲ ਰੋਕ ਲਗਾਈ ਜਾਵੇ।

ਦੱਸਣ ਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ ਇਸ ਸੰਬੰਧ ਵਿੱਚ ਬਣਾਈ ਗਈ ਕਮੇਟੀ ਵੱਲੋਂ ਇਸ ਮਾਮਲੇ ਨੂੰ ਵਿਚਾਰਨ ਲਈ ਸ੍ਰੀ ਅਕਾਲ ਤਖ਼ਤ ਵੱਲੋਂ ਬਣਾਈ ਗਈ ਮਾਹਰਾਂ ਦੀ ਤਾਲਮੇਲ ਕਮੇਟੀ ਨਾਲ ਮੀਟਿੰਗ ਕਰਨ ਵਾਸਤੇ 18 ਨਵੰਬਰ ਦੀ ਤਰੀਕ ਨਿਰਧਾਰਿਤ ਕੀਤੀ ਸੀ। ਇਸ ਸੰਬੰਧ ਵਿੱਚ ਸ੍ਰੀ ਅਕਾਲ ਤਖ਼ਤ ਵੱਲੋਂ ਬਣਾਈ ਗਈ ਮਾਹਰਾਂ ਦੀ ਕਮੇਟੀ ਨੇ ਬੀਤੇ ਦਿਨ ਸਰਕਾਰੀ ਕਮੇਟੀ ਨੂੰ ਪੱਤਰ ਭੇਜ ਕੇ ਮੀਟਿੰਗ ਤੋਂ ਪਹਿਲਾਂ ਕੁਝ ਗੱਲਾਂ ਬਾਰੇ ਸਪਸ਼ਟੀਕਰਨ ਮੰਗਿਆ ਸੀ।

ਮਿਲੀ ਜਾਣਕਾਰੀ ਦੇ ਮੁਤਾਬਕ ਅੱਜ ਸ੍ਰੀ ਅਕਾਲ ਤਖ਼ਤ ਵੱਲੋਂ ਬਣਾਈ ਗਈ ਮਾਹਰਾਂ ਦੀ ਕਮੇਟੀ ਦੀ ਇੱਕ ਵਰਚੁਅਲ ਮੀਟਿੰਗ ਹੋਈ ਹੈ।

ਜਿਸ ਵਿੱਚ ਜਸਟਿਸ (ਸੇਵਾਮੁਕਤ) ਰੁਪਿੰਦਰ ਸਿੰਘ ਸੋਢੀ,



ਜਸਟਿਸ (ਸੇਵਾਮੁਕਤ) ਮੋਹਿੰਦਰ ਮੋਹਨ ਸਿੰਘ ਬੇਦੀ, ਸੀਨੀਅਰ ਐਡਵੋਕੇਟ ਪੂਰਨ ਸਿੰਘ ਹੁੰਦਲ, ਸਿੱਖ ਵਿਦਵਾਨ ਡਾ. ਕੇਹਰ ਸਿੰਘ ਅਤੇ ਪ੍ਰੋ. ਜਗਮੋਹਨ ਸਿੰਘ ਸ਼ਾਮਲ ਸਨ। ਮੀਟਿੰਗ ਵਿੱਚ ਕੋਆਰਡੀਨੇਟਰ ਲਖਵੀਰ ਸਿੰਘ ਵਧੀਕ ਸਕੱਤਰ ਸ਼੍ਰੋਮਣੀ ਕਮੇਟੀ ਅਤੇ ਜਸਕਰਨ ਸਿੰਘ ਮੀਡੀਆ ਸਲਾਹਕਾਰ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵੀ ਸ਼ਾਮਲ ਸਨ।

ਮਾਹਰ ਕਮੇਟੀ ਦੇ ਕੋਆਰਡੀਨੇਟਰ ਲਖਵੀਰ ਸਿੰਘ ਵੱਲੋਂ ਪੰਜਾਬ ਸਰਕਾਰ ਦੀ ਤਾਲਮੇਲ ਕਮੇਟੀ ਦੇ ਨੋਡਲ ਅਫ਼ਸਰ ਨੂੰ ਭੇਜੇ ਗਏ ਪੱਤਰ ਵਿੱਚ ਕਿਹਾ ਗਿਆ ਹੈ ਕਿ 16 ਨਵੰਬਰ ਨੂੰ ਉਨ੍ਹਾਂ ਵੱਲੋਂ ਭੇਜੇ ਗਏ ਪੱਤਰ ਵਿੱਚ ਦਰਸਾਇਆ ਗਿਆ ਪੱਖ ਨਿਰ-ਆਧਾਰ ਹੈ ਅਤੇ ਇਨ੍ਹਾਂ 'ਤੇ ਮਾਹਰ ਕਮੇਟੀ ਨੇ ਹੈਰਾਨੀ ਪ੍ਰਗਟਾਈ ਹੈ।

ਪੱਤਰ ਵਿੱਚ ਯਾਦ ਕਰਵਾਇਆ ਗਿਆ ਹੈ ਕਿ ਪੰਜਾਬ ਸਰਕਾਰ ਵੱਲੋਂ ਕਮੇਟੀ ਦੇ ਗਠਨ ਤੋਂ ਪਹਿਲਾਂ ਜਦੋਂ ਸਿੱਖ ਕੈਬਨਿਟ ਮੰਤਰੀ ਅਤੇ ਵਿਧਾਇਕ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋਏ ਸਨ ਤਾਂ ਉਨ੍ਹਾਂ ਨੇ ਵਿਚਾਰ ਅਧੀਨ ਐਕਟ ਦੀਆਂ ਕਈ ਧਾਰਾਵਾਂ ਬਾਰੇ ਆਪਣੀ ਅਗਿਆਨਤਾ ਪ੍ਰਗਟਾਈ ਸੀ। ਉਸ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਵੀ ਕਈ ਧਾਰਾਵਾਂ 'ਤੇ ਗੰਭੀਰ ਖਦਸ਼ੇ ਪ੍ਰਗਟਾਏ ਗਏ ਸਨ ਅਤੇ ਕਿਹਾ ਗਿਆ ਸੀ ਕਿ ਜੇਕਰ ਇਤਰਾਜ਼ਯੋਗ ਧਾਰਾਵਾਂ ਕਾਨੂੰਨ ਅੰਦਰ ਇਸੇ ਰੂਪ ਵਿੱਚ ਕਾਇਮ ਰਹਿੰਦੀਆਂ ਹਨ ਤਾਂ ਇਹ ਸੋਧ ਸਿੱਖ ਧਰਮ ਦੇ ਮੂਲ ਸਿਧਾਂਤਾਂ 'ਤੇ ਸਿੱਧਾ ਹਮਲਾ ਸਮਝੀ ਜਾਵੇਗੀ।

ਮਿਲੀ ਜਾਣਕਾਰੀ ਦੇ ਮੁਤਾਬਕ ਸ੍ਰੀ ਅਕਾਲ ਤਖ਼ਤ ਵੱਲੋਂ ਬਣਾਈ ਗਈ ਮਾਹਰਾਂ ਦੀ ਕਮੇਟੀ ਸਰਕਾਰ ਦੀ ਤਾਲਮੇਲ ਕਮੇਟੀ ਨਾਲ ਉਸ ਵੇਲੇ ਤੱਕ ਮੀਟਿੰਗ ਨਹੀਂ ਕਰੇਗੀ ਜਦੋਂ ਤੱਕ ਪਹਿਲਾਂ ਮੰਗੇ ਗਏ ਸਵਾਲਾਂ ਦੇ ਜਵਾਬ ਸਪਸ਼ਟ ਨਹੀਂ ਕੀਤੇ ਜਾਂਦੇ। ਅਜਿਹੀ ਸਥਿਤੀ ਵਿੱਚ ਭਲਕੇ 18 ਨਵੰਬਰ ਨੂੰ ਹੋਣ ਵਾਲੀ ਮੀਟਿੰਗ ਵਿੱਚ ਸ੍ਰੀ ਅਕਾਲ ਤਖ਼ਤ ਵੱਲੋਂ ਬਣਾਈ ਮਾਹਰਾਂ ਦੀ ਕਮੇਟੀ ਦੀ ਸ਼ਾਮਿਲ ਹੋਣ ਦੀ ਸੰਭਾਵਨਾ ਨਹੀਂ ਹੈ।

ਚੰਡੀਗੜ੍ਹ

ਜ਼ਿਲ੍ਹਾ ਪੱਧਰੀ ਈਜ਼ੀ ਰਾਈਟਿੰਗ ਤੇ ਕੁਇਜ਼ ਮੁਕਾਬਲੇ ਕਰਵਾਏ

ਪਟਿਆਲਾ, 19 ਨਵੰਬਰ
-ਛਤਰਪਾਲ ਸਿੰਘ-

ਜ਼ਿਲ੍ਹਾ ਚੋਣ ਅਫ਼ਸਰ ਕਮ ਡਿਪਟੀ ਕਮਿਸ਼ਨਰ ਪਟਿਆਲਾ ਸ੍ਰੀ ਹਿਮਾਂਸ਼ੂ ਜੈਨ ਦੀ ਅਗਵਾਈ ਹੇਠ ਮੁੱਖ ਚੋਣ ਅਫ਼ਸਰ, ਪੰਜਾਬ ਵੱਲੋਂ ਜਾਰੀ ਸ਼ਡਿਊਲ ਅਨੁਸਾਰ ਜ਼ਿਲ੍ਹਾ ਪੱਧਰ 'ਤੇ ਈਜ਼ੀ ਰਾਈਟਿੰਗ ਅਤੇ ਕੁਇਜ਼ ਮੁਕਾਬਲੇ ਸਰਕਾਰੀ ਬਿਕਰਮ ਕਾਲਜ ਆਫ਼ ਕਾਮਰਸ, ਪਟਿਆਲਾ ਵਿਖੇ ਕਰਵਾਏ ਗਏ ਜਿਨ੍ਹਾਂ ਵਿੱਚ ਵੱਖ-ਵੱਖ ਵਿਦਿਅਕ ਸੰਸਥਾਵਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।

ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਚੋਣ ਅਫ਼ਸਰ ਨੇ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਹਰੇਕ ਯੋਗ ਨਾਗਰਿਕ ਵੱਲੋਂ ਆਪਣੇ ਵੋਟ ਦੇ ਅਧਿਕਾਰ ਦੀ ਸਹੀ ਵਰਤੋਂ ਕਰਨਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਇਲੈਕਟੋਰਲ ਲਿਟਰੇਸੀ ਕਲੱਬਸ ਰਾਹੀਂ ਨੈਤਿਕ ਵੋਟਿੰਗ ਸਬੰਧੀ ਵੱਧ ਤੋਂ ਵੱਧ ਜਾਗਰੂਕਤਾ ਫੈਲਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀ ਆਪਣੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ ਅਤੇ ਆਲੇ-ਦੁਆਲੇ ਦੇ ਲੋਕਾਂ ਨੂੰ ਬਿਨਾਂ ਕਿਸੇ ਡਰ, ਦਬਾਅ ਜਾਂ ਲਾਲਚ ਤੋਂ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਪ੍ਰੇਰਿਤ ਕਰਨ। ਉਨ੍ਹਾਂ ਕਿਹਾ ਕਿ ਨਿਰਪੱਖ ਅਤੇ ਨੈਤਿਕ ਵੋਟਿੰਗ ਹੀ ਲੋਕਤੰਤਰ ਦੀਆਂ ਨੀਂਹਾਂ ਨੂੰ ਹੋਰ ਮਜ਼ਬੂਤ ਕਰਦੀ ਹੈ।

ਉਨ੍ਹਾਂ ਵਿਦਿਆਰਥੀਆਂ ਨੂੰ ਇਹ ਵੀ ਪ੍ਰੇਰਿਤ ਕੀਤਾ ਕਿ ਉਹ ਖੁਦ ਇੱਕ ਜਾਗਰੂਕ ਨਾਗਰਿਕ ਬਣਨ ਦੇ ਨਾਲ-ਨਾਲ ਸਮਾਜ ਵਿੱਚ ਚੋਣ ਪ੍ਰਕਿਰਿਆ ਪ੍ਰਤੀ ਜਾਗਰੂਕਤਾ ਫੈਲਾਉਣ ਵਿੱਚ ਵੀ ਆਪਣੀ ਸਰਗਰਮ ਭੂਮਿਕਾ ਨਿਭਾਉਣ।

ਮੁਕਾਬਲਿਆਂ ਸਬੰਧੀ ਜਾਣਕਾਰੀ ਦਿੰਦਿਆਂ ਅਧਿਕਾਰੀਆਂ ਨੇ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਦਾ ਉਦੇਸ਼ ਵਿਦਿਆਰਥੀਆਂ ਨੂੰ ਚੋਣ ਪ੍ਰਕਿਰਿਆ, ਲੋਕਤੰਤਰੀ ਕਦਰਾਂ-ਕੀਮਤਾਂ ਅਤੇ ਵੋਟ ਦੇ ਅਧਿਕਾਰ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਹੈ। ਇਸ ਸਬੰਧੀ ਪਹਿਲੇ ਪੜਾਅ ਵਿੱਚ ਇੰਸਟੀਚਿਊਟ ਪੱਧਰ 'ਤੇ ਮੁਕਾਬਲੇ 11 ਅਤੇ 12 ਨਵੰਬਰ ਨੂੰ ਕਰਵਾਏ ਗਏ ਸਨ, ਜਿਨ੍ਹਾਂ ਵਿੱਚੋਂ ਹਰੇਕ ਮੁਕਾਬਲੇ ਲਈ ਦੋ-ਦੋ ਵਿਦਿਆਰਥੀਆਂ ਦੀ ਚੋਣ ਵਿਧਾਨ ਸਭਾ ਹਲਕਾ ਪੱਧਰੀ ਮੁਕਾਬਲਿਆਂ ਵਾਸਤੇ ਕੀਤੀ ਗਈ ਸੀ।

ਇਸ ਤੋਂ ਬਾਅਦ 16 ਅਤੇ 17 ਨਵੰਬਰ ਨੂੰ ਵਿਧਾਨ ਸਭਾ ਚੋਣ ਹਲਕਾ ਪੱਧਰ ਦੇ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚੋਂ ਹਰੇਕ ਵਿਧਾਨ ਸਭਾ ਹਲਕੇ ਵਿੱਚੋਂ ਪ੍ਰਤੀ ਮੁਕਾਬਲਾ 10-10 ਵਿਦਿਆਰਥੀਆਂ ਦੀ ਚੋਣ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਕੀਤੀ ਗਈ। ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦਾ ਨਤੀਜਾ 20 ਨਵੰਬਰ 2026 ਨੂੰ ਐਲਾਨਿਆ ਜਾਵੇਗਾ।

ਈਜ਼ੀ ਰਾਈਟਿੰਗ ਅਤੇ ਕੁਇਜ਼ ਮੁਕਾਬਲਿਆਂ ਵਿੱਚ ਪਹਿਲੀਆਂ 10 ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਆਫ਼ ਮੈਰਿਟ ਦੇ ਕੇ ਸਨਮਾਨਿਤ ਕੀਤਾ ਜਾਵੇਗਾ, ਜਦਕਿ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਬਾਕੀ ਸਾਰੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਆਫ਼ ਪਾਰਟੀਸਿਪੇਸ਼ਨ ਜਾਰੀ ਕੀਤੇ ਜਾਣਗੇ।

ਇਸ ਮੌਕੇ ਵਧੀਕ ਜ਼ਿਲ੍ਹਾ ਚੋਣ ਅਫ਼ਸਰ ਅਨੁਪ੍ਰਿਤਾ ਜੌਹਲ, ਚੋਣ ਤਹਿਸੀਲਦਾਰ ਸ੍ਰੀ ਵਿਜੈ ਕੁਮਾਰ, ਅਲਟਰਨੇਟ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਡਾ. ਸਵਿੰਦਰ ਸਿੰਘ, ਸਰਕਾਰੀ ਬਿਕਰਮ ਕਾਲਜ ਆਫ਼ ਕਾਮਰਸ ਦੀ ਪ੍ਰਿੰਸੀਪਲ ਸ੍ਰੀਮਤੀ ਸਕਿੰਦਰ ਕੌਰ ਬਰਾੜ, ਸਹਾਇਕ ਜ਼ਿਲ੍ਹਾ ਸਵੀਪ ਨੋਡਲ ਅਫ਼ਸਰ ਸ੍ਰੀ ਮੋਹਿਤ ਕੌਸ਼ਲ ਸਮੇਤ ਹੋਰ ਅਧਿਕਾਰੀ ਅਤੇ ਵਿਦਿਆਰਥੀ ਮੌਜੂਦ ਸਨ।

ਲੋੜਵੰਦ ਮਰੀਜ਼ ਲਈ ਐਮਰਜੈਂਸੀ ਖ਼ੂਨਦਾਨ ਕੀਤਾ



ਦੇਵੀਗੜ੍ਹ, 19 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸਥਾਨਕ ਪ੍ਰਾਈਵੇਟ ਹਸਪਤਾਲ ਵਿਚ ਦਾਖਲ ਡਿਲੀਵਰੀ ਵਾਲੇ ਮਰੀਜ਼ ਲਈ ਮਿਸ਼ਨ ਲਾਲੀ ਤੇ ਹਰਿਆਲੀ ਦੇ ਗੋਲਡਨ ਸਟਾਰ ਬਲੱਡ ਡੋਨਰ ਸੁਖਦੀਪ ਸਿੰਘ ਸੋਹਲ ਨੇ ਵਰਧਮਾਨ ਹਸਪਤਾਲ ਬਲੱਡ ਸੈਂਟਰ ਵਿਖੇ ਪਹੁੰਚ ਕੇ ਖੂਨ ਦਾਨ ਕੀਤਾ। ਇਸ ਮੌਕੇ ਮਿਸ਼ਨ ਦੇ ਮੋਢੀ ਹਰਦੀਪ ਸਿੰਘ ਸਨੌਰ, ਗੁਰਦੀਪ ਸਿੰਘ ਤੇ ਸ਼ਿਵਕਿੰਦਰ ਸਿੰਘ ਵੀ ਹਾਜ਼ਰ ਸਨ।

ਇਸ ਮੌਕੇ ਹਰਦੀਪ ਸਿੰਘ ਸਨੌਰ ਨੇ ਕਿਹਾ ਕਿ ਸਮੂਹ ਤੰਦਰੁਸਤ ਇਨਸਾਨ ਲੋੜਵੰਦ ਮਰੀਜ਼ਾਂ ਦੀ ਜਾਨ ਬਚਾਉਣ ਲਈ ਖੂਨਦਾਨ ਕਰਨ ਤਾਂ ਜੋ ਡਾਕਟਰਾਂ ਨੂੰ ਇਲਾਜ ਕਰਨ ਵਿੱਚ ਮਦਦ ਹੋ ਸਕੇ। ਸੁਖਦੀਪ ਸਿੰਘ ਸੋਹਲ ਨੇ ਦੱਸਿਆ ਕਿ ਖੂਨ ਇੱਕ ਅਜਿਹਾ ਤਰਲ ਹੈ ਜੋ ਕਿਸੇ ਫੈਕਟਰੀ ਜਾਂ ਕਾਰਖਾਨੇ ਵਿੱਚ ਨਹੀਂ ਬਣਦਾ। ਇਸ ਲਈ ਸਮੂਹ ਤੰਦਰੁਸਤ ਨੌਜਵਾਨਾਂ ਨੂੰ ਖੂਨਦਾਨ ਸੇਵਾ ਵਿੱਚ ਸ਼ਾਮਲ ਹੋਣਾ ਚਾਹੀਦਾ ਹੈ।

ਜਿਕਰਯੋਗ ਹੈ ਕਿ ਸੋਹਲ ਦੀ ਇਹ 61ਵੀਂ ਵਾਰ ਖੂਨਦਾਨ ਦੀ ਹਾਜ਼ਰੀ ਲਗਵਾਈ। ਹਰਦੀਪ ਸਨੌਰ ਨੇ ਕਿਹਾ ਕਿ ਗਰੁੱਪ ਵੱਲੋਂ 20 ਨਵੰਬਰ ਨੂੰ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਰਕਾਰੀ ਰਜਿੰਦਰਾ ਹਸਪਤਾਲ ਪਟਿਆਲਾ ਦੇ ਬਲੱਡ ਬੈਂਕ ਵਿਚ ਸਵੇਰੇ 9 ਵਜੇ ਤੋਂ ਲੈ ਕੇ 1 ਵਜੇ ਤੱਕ ਖ਼ੂਨਦਾਨ ਕੈਂਪ ਲਗਾਇਆ ਜਾਵੇਗਾ ਤਾਂ ਜੋ ਲੋੜਵੰਦ ਮਰੀਜ਼ਾਂ ਨੂੰ ਸਮੇਂ ਸਿਰ ਖੂਨ ਮਿਲ ਸਕੇ ਤੇ ਬੇਸ਼ਕੀਮਤੀ ਮਨੁੱਖੀ ਜਾਨਾਂ ਬਚਾਈਆਂ ਜਾ ਸਕਣ।

ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਭੁਪਿੰਦਰ ਸਿੰਘ ਮਸੀਂਗਣ ਨੂੰ ਹਲਕਾ ਸਨੌਰ ਦਾ ਇੰਚਾਰਜ ਨਿਯੁਕਤ



ਦੇਵੀਗੜ੍ਹ, 19 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਵੱਲੋਂ ਅੱਜ ਇੱਕ ਅਹਿਮ ਨਿਯੁਕਤੀ ਕੀਤੀ ਗਈ ਹੈ। ਪਾਰਟੀ ਨੇ ਭੁਪਿੰਦਰ ਸਿੰਘ ਮਸੀਂਗਣ ਨੂੰ ਪਟਿਆਲਾ ਜ਼ਿਲ੍ਹੇ ਦੇ ਸਨੌਰ ਹਲਕੇ ਦਾ ਇੰਚਾਰਜ ਨਿਯੁਕਤ ਕਰ ਦਿੱਤਾ ਹੈ।

ਪੱਤਰ ਵਿੱਚ ਸਪਸ਼ਟ ਕੀਤਾ ਗਿਆ ਹੈ ਕਿ ਪਾਰਟੀ ਨੇ ਇਸ ਫੈਸਲੇ ਨਾਲ ਭੁਪਿੰਦਰ ਸਿੰਘ ਮਸੀਂਗਣ ਨੂੰ ਹਲਕਾ ਇੰਚਾਰਜ ਸਨੌਰ ਪਟਿਆਲਾ ਦੀ ਜ਼ਿੰਮੇਵਾਰੀ ਸੌਂਪੀ ਹੈ। ਉਨ੍ਹਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਪਾਰਟੀ ਦੀ ਵੱਡੀ ਜ਼ਿੰਮੇਵਾਰੀ ਸਮਝਦੇ ਹੋਏ ਇਸ ਖੇਤਰ ਵਿੱਚ ਪਾਰਟੀ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਮਿਹਨਤ ਕਰਨ, ਵਰਕਰਾਂ ਨੂੰ ਇਕੱਠਾ ਕਰਨ, ਪਾਰਟੀ ਦੀਆਂ ਨੀਤੀਆਂ ਅਤੇ ਪ੍ਰੋਗਰਾਮਾਂ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਹਰ ਪੱਧਰ 'ਤੇ ਪਾਰਟੀ ਦੀ ਤਾਕਤ ਵਧਾਉਣ ਲਈ ਯਤਨਸ਼ੀਲ ਰਹਿਣ।

ਨਿਯੁਕਤੀ ਪੱਤਰ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਪਾਰਟੀ ਅਤੇ ਕੌਮ ਦੀ ਚੜ੍ਹਦੀ ਕਲਾ ਲਈ ਯੋਗਦਾਨ ਪਾਉਣਾ ਉਨ੍ਹਾਂ ਦੀ ਜ਼ਿੰਮੇਵਾਰੀ ਹੋਵੇਗੀ। ਇਸ ਹੋਈ ਨਿਯੁਕਤੀ ਉੱਤੇ ਉਨ੍ਹਾਂ ਨੂੰ ਪਾਰਟੀ ਹਾਈਕਮਾਂਡ ਵੱਲੋਂ ਮੁਬਾਰਕਬਾਦ ਦਿੱਤੀ ਗਈ ਹੈ।

ਨਿਯੁਕਤੀ ਬਾਰੇ ਗੱਲ ਕਰਦਿਆਂ ਨਵੇਂ ਹਲਕਾ ਇੰਚਾਰਜ ਭੁਪਿੰਦਰ ਸਿੰਘ ਮਸੀਂਗਣ ਨੇ ਕਿਹਾ, ਮੈਂ ਸਿਮਰਨਜੀਤ ਸਿੰਘ ਮਾਨ ਅਤੇ ਅਕਾਲੀ ਦਲ (ਅੰਮ੍ਰਿਤਸਰ) ਦੀ ਲੀਡਰਸ਼ਿਪ ਦਾ ਦਿਲੋਂ ਧੰਨਵਾਦੀ ਹਾਂ ਜਿਨ੍ਹਾਂ ਨੇ ਮੈਨੂੰ ਇਹ ਵੱਡੀ ਜ਼ਿੰਮੇਵਾਰੀ ਸੌਂਪੀ ਹੈ। ਮੈਂ ਇਸ ਨਿਯੁਕਤੀ ਨੂੰ ਇੱਕ ਚੁਣੌਤੀ ਅਤੇ ਮੌਕਾ ਦੋਵੇਂ ਸਮਝਦਾ ਹਾਂ।

ਸਨੌਰ ਹਲਕੇ ਵਿੱਚ ਪਾਰਟੀ ਨੂੰ ਜਮੀਨੀ ਪੱਧਰ 'ਤੇ ਮਜ਼ਬੂਤ ਕਰਨਾ, ਨੌਜਵਾਨਾਂ ਅਤੇ ਕਿਸਾਨਾਂ ਨੂੰ ਪਾਰਟੀ ਨਾਲ ਜੋੜਨਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਉੱਚ ਅਧਿਕਾਰੀਆਂ ਤੱਕ ਪਹੁੰਚਾਉਣਾ ਮੇਰੀ ਪਹਿਲੀ ਤਰਜੀਹ ਹੋਵੇਗੀ। ਮੈਂ ਵਾਹਿਗੁਰੂ ਦੀ ਕਿਰਪਾ ਅਤੇ ਪਾਰਟੀ ਵਰਕਰਾਂ ਦੇ ਸਹਿਯੋਗ ਨਾਲ ਇਸ ਜ਼ਿੰਮੇਵਾਰੀ ਨੂੰ ਨਿਭਾਉਣ ਲਈ ਪੂਰੀ ਤਰ੍ਹਾਂ ਕਮਰ ਕੱਸ ਕੇ ਤਿਆਰ ਹਾਂ।

ਉਨ੍ਹਾਂ ਅੱਗੇ ਕਿਹਾ ਕਿ ਪਾਰਟੀ ਦੀਆਂ ਨੀਤੀਆਂ ਅਨੁਸਾਰ ਹਰ ਖੇਤਰ ਵਿੱਚ ਪੰਜਾਬੀਅਤ, ਸਿੱਖੀ ਅਤੇ ਖਾਲਸਾ ਪੰਥ ਦੀ ਰੱਖਿਆ ਲਈ ਲਗਾਤਾਰ ਸੰਘਰਸ਼ ਜਾਰੀ ਰਹੇਗਾ। ਭੁਪਿੰਦਰ ਸਿੰਘ ਮਸੀਂਗਣ ਨੇ ਇਹ ਵੀ ਭਰੋਸਾ ਦਿਵਾਇਆ ਕਿ ਉਹ ਪਾਰਟੀ ਹਾਈਕਮਾਂਡ ਦੀਆਂ ਹਦਾਇਤਾਂ ਅਨੁਸਾਰ ਖੁੱਲ੍ਹੇ ਦਿਲ ਨਾਲ ਕੰਮ ਕਰਨਗੇ ਅਤੇ ਹਲਕੇ ਵਿੱਚ ਪਾਰਟੀ ਦੀ ਮਜ਼ਬੂਤ ਬੁਨਿਆਦ ਤਿਆਰ ਕਰਨਗੇ।

ਇਸ ਨਿਯੁਕਤੀ ਨਾਲ ਅਕਾਲੀ ਦਲ (ਅੰਮ੍ਰਿਤਸਰ) ਨੇ ਪਟਿਆਲਾ ਖੇਤਰ ਵਿੱਚ ਆਪਣੀ ਸੰਗਠਨਕ ਤਾਕਤ ਵਧਾਉਣ ਦਾ ਸੰਕੇਤ ਦਿੱਤਾ ਹੈ। ਪਾਰਟੀ ਵਰਕਰ ਇਸ ਫੈਸਲੇ ਦਾ ਸਵਾਗਤ ਕਰ ਰਹੇ ਹਨ ਅਤੇ ਉਮੀਦ ਹੈ ਕਿ ਨਵਾਂ ਇੰਚਾਰਜ ਖੇਤਰ ਵਿੱਚ ਨਵੀਂ ਊਰਜਾ ਭਰੇਗਾ।

ਹਡਾਣਾ ਵੱਲੋਂ ਪਿੰਡ ਦੌਣ ਕਲਾਂ, ਬੱਲਾਂ ਅਤੇ ਗਨੌਰ ਵਿਖੇ ਤੀਰਥ ਯਾਤਰਾ ਤੋਂ ਪਰਤੇ ਬਜ਼ੁਰਗਾਂ ਨਾਲ ਵਿਸ਼ੇਸ਼ ਮੁਲਾਕਾਤ



ਦੇਵੀਗੜ੍ਹ, 19 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਦੀ ਲੋਕ-ਭਲਾਈ ਸਕੀਮ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਅਧੀਨ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਕੇ ਵਾਪਸ ਆਏ ਸ਼ਰਧਾਲੂਆਂ ਨਾਲ ਰਾਬਤਾ ਕਾਇਮ ਕਰਨ ਅਤੇ ਉਨ੍ਹਾਂ ਦਾ ਆਸ਼ੀਰਵਾਦ ਲੈਣ ਲਈ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਹਲਕਾ ਸਨੌਰ ਦੇ ਪਿੰਡ ਦੌਣ ਕਲਾਂ, ਬੱਲਾਂ ਅਤੇ ਗਨੌਰ ਦਾ ਵਿਸ਼ੇਸ਼ ਦੌਰਾ ਕੀਤਾ। ਇਨ੍ਹਾਂ ਪਿੰਡਾਂ ਵਿੱਚ ਪਹੁੰਚ ਕੇ ਉਨ੍ਹਾਂ ਨੇ ਯਾਤਰਾ ਤੋਂ ਪਰਤੇ ਬਜ਼ੁਰਗਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਉਨ੍ਹਾਂ ਦਾ ਹਾਲ-ਚਾਲ ਪੁੱਛਿਆ।

ਮੁਲਾਕਾਤ ਦੌਰਾਨ ਬਜ਼ੁਰਗਾਂ ਨੇ ਬੜੀ ਖ਼ੁਸ਼ੀ ਅਤੇ ਉਤਸ਼ਾਹ ਨਾਲ ਆਪਣੇ ਧਾਰਮਿਕ ਸਫ਼ਰ ਦੇ ਯਾਦਗਾਰੀ ਅਨੁਭਵ ਸਰਦਾਰ ਹਡਾਣਾ ਨਾਲ ਸਾਂਝੇ ਕੀਤੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਪੂਰੀ ਯਾਤਰਾ ਦੌਰਾਨ ਸਫ਼ਰ, ਰਹਿਣ-ਸਹਿਣ, ਲੰਗਰ ਅਤੇ ਡਾਕਟਰੀ ਸਹੂਲਤਾਂ ਦੇ ਬਹੁਤ ਹੀ ਬੇਮਿਸਾਲ ਅਤੇ ਸੁਚੱਜੇ ਇੰਤਜ਼ਾਮ ਕੀਤੇ ਗਏ ਸਨ।

ਬਜ਼ੁਰਗਾਂ ਨੇ ਇਸ ਸ਼ਲਾਘਾਯੋਗ ਉਪਰਾਲੇ ਲਈ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਅਤੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਿਆਂ ਢੇਰ ਸਾਰੀਆਂ ਅਸੀਸਾਂ ਦਿੱਤੀਆਂ।

ਇਸ ਮੌਕੇ ਇਕੱਤਰ ਸੰਗਤ ਨੂੰ ਸੰਬੋਧਨ ਕਰਦਿਆਂ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਬਜ਼ੁਰਗਾਂ ਦੇ ਚਿਹਰਿਆਂ ਦੀ ਰੌਣਕ ਅਤੇ ਉਨ੍ਹਾਂ ਦੀਆਂ ਅਸੀਸਾਂ ਹੀ ਸਾਡੀ ਸਭ ਤੋਂ ਵੱਡੀ ਪੂੰਜੀ ਹਨ। ਉਨ੍ਹਾਂ ਆਖਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਰ ਵਰਗ ਦੀਆਂ ਧਾਰਮਿਕ ਭਾਵਨਾਵਾਂ ਦਾ ਪੂਰਾ ਸਤਿਕਾਰ ਕਰਦੀ ਹੈ ਅਤੇ ਸਾਡਾ ਮਕਸਦ ਹੈ ਕਿ ਹਰ ਲੋੜਵੰਦ ਤੇ ਯੋਗ ਬਜ਼ੁਰਗ ਬਿਨਾਂ ਕਿਸੇ ਖ਼ਰਚੇ ਤੋਂ ਆਪਣੇ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰ ਸਕੇ।

ਇਸ ਮੌਕੇ ਪ੍ਰਿੰਸੀਪਲ ਕਰਮ ਸਿੰਘ, ਮੈਂਬਰ ਜ਼ਿਲ੍ਹਾ ਪ੍ਰੀਸ਼ਦ ਰਾਮਇੰਦਰ ਸਿੰਘ ਜਮਨਾ, ਸਰਪੰਚ ਬੱਲਾਂ ਮਾਨ ਸਿੰਘ, ਮੈਂਬਰ ਬਲਾਕ ਸੰਮਤੀ ਗੁਰਮੀਤ, ਲੰਬੜਦਾਰ ਜਸਵੰਤ ਸਿੰਘ, ਲੰਬੜਦਾਰ ਜਸਮੇਰ ਸਿੰਘ, ਮੈਂਬਰ ਪ੍ਰਦੀਪ ਸਿੰਘ, ਮੈਂਬਰ ਸੁਖਵਿੰਦਰ ਸਿੰਘ, ਸੈਕਟਰੀ ਕਾਲਾ ਸਿੰਘ, ਸੋਮਨਾਥ, ਰਛਪਾਲ ਦੌਣ ਕਲਾਂ, ਜਰਨੈਲ ਦੌਣ ਕਲਾਂ, ਹੋਰ ਪੰਚਾਇਤ ਮੈਂਬਰ, ਪਾਰਟੀ ਦੇ ਸੀਨੀਅਰ ਆਗੂ, ਵਰਕਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਰਸਤਾ ਰੈਲੀ ਲਈ ਹਲਕਾ ਸ਼ੁਤਰਾਣਾ ਤੋਂ ਤਿੰਨ ਬੱਸਾਂ ਦਾ ਕਾਫ਼ਲਾ ਜਲੰਧਰ ਰਵਾਨਾ



ਪਾਤੜਾਂ, 19 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਜਲੰਧਰ ਵਿਖੇ ਕਰਵਾਈ ਜਾ ਰਹੀ ਸਮਰਸਤਾ ਰੈਲੀ ਵਿੱਚ ਸ਼ਮੂਲੀਅਤ ਕਰਨ ਲਈ ਹਲਕਾ ਸ਼ੁਤਰਾਣਾ ਤੋਂ ਭਾਜਪਾ ਆਗੂਆਂ ਅਤੇ ਵਰਕਰਾਂ ਦਾ ਤਿੰਨ ਬੱਸਾਂ ਦਾ ਕਾਫ਼ਲਾ ਰਵਾਨਾ ਕੀਤਾ ਗਿਆ।

ਇਸ ਮੌਕੇ ਭਾਜਪਾ ਦੇ ਹਲਕਾ ਇੰਚਾਰਜ ਨਰਾਇਣ ਸਿੰਘ ਨਰਸੋਤ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਰੈਲੀ ਵਿੱਚ ਸ਼ਮੂਲੀਅਤ ਕਰਨ ਲਈ ਰਵਾਨਗੀ ਕੀਤੀ। ਇਸ ਦੌਰਾਨ ਨਰਾਇਣ ਸਿੰਘ ਨਰਸੋਤ ਨੇ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਸਮੁੱਚੀ ਮਨੁੱਖਤਾ ਨੂੰ ਬਰਾਬਰਤਾ, ਭਾਈਚਾਰਕ ਸਾਂਝ, ਆਪਸੀ ਸਦਭਾਵਨਾ ਅਤੇ ਸਮਾਜਿਕ ਸਮਰਸਤਾ ਦਾ ਸੰਦੇਸ਼ ਦਿੰਦੀਆਂ ਹਨ।

ਉਨ੍ਹਾਂ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਰੈਲੀ ਗੁਰੂ ਸਾਹਿਬ ਦੀ ਵਿਚਾਰਧਾਰਾ ਅਤੇ ਸਰਬਸਾਂਝੀਵਾਲਤਾ ਦੇ ਸੰਦੇਸ਼ ਨੂੰ ਸਮਰਪਿਤ ਹੈ।

ਇਸ ਮੌਕੇ ਸਤੀਸ਼ ਗਰਗ ਸਰਕਲ ਪ੍ਰਧਾਨ, ਪ੍ਰੇਮ ਚੰਦ ਕਾਂਸਲ ਸਰਕਲ ਪ੍ਰਧਾਨ, ਰੁਡ ਸਿੰਘ ਜ਼ਿਲ੍ਹਾ ਸਕੱਤਰ, ਰਮੇਸ਼ ਬੱਤਰਾ ਜ਼ਿਲ੍ਹਾ ਸਕੱਤਰ, ਡ

ਰਾਜਪਾਲ ਨੇ ਸੌਫਟਬਾਲ ਵਿੱਚ 70ਵੀਆਂ ਨੈਸ਼ਨਲ ਸਕੂਲ ਖੇਡਾਂ ਦਾ ਉਦਘਾਟਨ ਕੀਤਾ; ਵਿਦਿਆਰਥੀਆਂ ਨੂੰ ਖੇਡਾਂ ਨੂੰ ਆਪਣੇ ਜੀਵਨ ਦਾ ਅਭਿੰਨ ਅੰਗ ਬਣਾਉਣ ਲਈ ਪ੍ਰੇਰਿਤ ਕੀਤਾ



ਚੰਡੀਗੜ੍ਹ, 19 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਰਾਜਪਾਲ ਅਤੇ ਯੂ.ਟੀ. ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ ਵਿੱਚ ਸੌਫਟਬਾਲ ਵਿੱਚ 70ਵੀਆਂ ਨੈਸ਼ਨਲ ਸਕੂਲ ਖੇਡਾਂ (ਅੰਡਰ-19 ਲੜਕੇ ਅਤੇ ਲੜਕੀਆਂ ਦੇ ਵਰਗ) ਦਾ ਉਦਘਾਟਨ ਕੀਤਾ। ਦੇਸ਼ ਭਰ ਤੋਂ ਆਏ ਯੁਵਾ ਖਿਡਾਰੀਆਂ ਦਾ ਸੁਆਗਤ ਕਰਦੇ ਹੋਏ, ਉਨ੍ਹਾਂ ਨੇ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਕਿਹਾ ਕਿ ਖੇਡਾਂ ਨਾਲ ਆਤਮਵਿਸ਼ਵਾਸ, ਅਨੁਸ਼ਾਸਨ ਅਤੇ ਟੀਮ ਭਾਵਨਾ ਦਾ ਵਿਕਾਸ ਹੁੰਦਾ ਹੈ ਅਤੇ ਤੰਦਰੁਸਤ ਜੀਵਨਸ਼ੈਲੀ ਅਪਣਾਉਣ ਵਿੱਚ ਵੀ ਮਦਦ ਮਿਲਦੀ ਹੈ।

ਚੰਡੀਗੜ੍ਹ ਪ੍ਰਸ਼ਾਸਨ ਦੇ ਸਕੂਲ ਸਿੱਖਿਆ ਵਿਭਾਗ ਦੁਆਰਾ 18 ਤੋਂ 22 ਨਵੰਬਰ, 2026 ਤੱਕ ਆਯੋਜਿਤ ਇਸ ਚੈਂਪੀਅਨਸ਼ਿਪ ਵਿੱਚ 17 ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੀਆਂ 34 ਟੀਮਾਂ ਹਿੱਸਾ ਲੈ ਰਹੀਆਂ ਹਨ। ਇਸ ਵਿੱਚ ਲਗਭਗ 650ਖਿਡਾਰੀ, ਕੋਚ, ਟੀਮ ਮੈਨੇਜਰ ਅਤੇ ਅਧਿਕਾਰੀ ਸ਼ਾਮਲ ਹਨ।

ਸੱਤ ਸਾਲ ਦੇ ਵਕਫ਼ੇ ਬਾਅਦ ਚੰਡੀਗੜ੍ਹ ਨੂੰ ਨੈਸ਼ਨਲ ਸਕੂਲ ਖੇਡਾਂ ਦੀ ਮੇਜ਼ਬਾਨੀ ਮਿਲਣ 'ਤੇ ਪ੍ਰਸੰਨਤਾ ਵਿਅਕਤ ਕਰਦੇ ਹੋਏ ਸ਼੍ਰੀ ਕਟਾਰੀਆ ਨੇ ਕਿਹਾ ਕਿ ਅਜਿਹੇ ਮੁਕਾਬਲੇ ਯੁਵਾ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਅਤੇ ਖੇਡਾਂ ਵਿੱਚ ਅੱਗੇ ਵਧਣ ਦਾ ਅਵਸਰ ਪ੍ਰਦਾਨ ਕਰਦੇ ਹਨ। ਉਨ੍ਹਾਂ ਨੇ ਕਿਹਾ ਕਿ ਖੇਡਾਂ ਕੇਵਲ ਮੈਡਲ ਜਿੱਤਣ ਤੱਕ ਸੀਮਿਤ ਨਹੀਂ ਹਨ, ਬਲਕਿ ਇਨ੍ਹਾਂ ਨਾਲ ਮਿਲਜੁਲ ਕੇ ਕੰਮ ਕਰਨਾ, ਦੂਸਰਿਆਂ ਦਾ ਸਨਮਾਨ ਕਰਨਾ ਅਤੇ ਚੁਣੌਤੀਆਂ ਦਾ ਆਤਮਵਿਸ਼ਵਾਸ ਨਾਲ ਸਾਹਮਣਾ ਕਰਨਾ ਵੀ ਸਿੱਖਣ ਨੂੰ ਮਿਲਦਾ ਹੈ। ਉਨ੍ਹਾਂ ਨੇ ਇਨ੍ਹਾਂ ਖੇਡਾਂ ਨੂੰ ਏਕ ਭਾਰਤ ਸ਼੍ਰੇਸ਼ਠ ਭਾਰਤ ਦੀ ਭਾਵਨਾ ਦਾ ਪ੍ਰਤੀਕ ਦੱਸਦੇ ਹੋਏ ਕਿਹਾ ਕਿ ਅਜਿਹੇ ਆਯੋਜਨ ਵਿਭਿੰਨ ਰਾਜਾਂ, ਸੱਭਿਆਚਾਰਾਂ ਅਤੇ ਪਰੰਪਰਾਵਾਂ ਨਾਲ ਜੁੜੇ ਨੌਜਵਾਨਾਂ ਨੂੰ ਇਕੱਠੇ ਕਰਦੇ ਹਨ ਅਤੇ ਆਪਸੀ ਏਕਤਾ ਅਤੇ ਮਿੱਤਰਤਾ ਨੂੰ ਹੁਲਾਰਾ ਦਿੰਦੇ ਹਨ। ਉਨ੍ਹਾਂ ਨੇ ਖਿਡਾਰੀਆਂ ਨੂੰ ਨਿਯਮਿਤ ਅਭਿਆਸ ਕਰਨ, ਮਿਹਨਤ ਕਰਨ ਅਤੇ ਖੇਡ ਭਾਵਨਾ ਬਣਾਈ ਰੱਖਣ ਦਾ ਸੰਦੇਸ਼ ਦਿੱਤਾ।

ਕੇਂਦਰ ਸਰਕਾਰ ਦੀਆਂ ਖੇਲੋ ਇੰਡੀਆ, ਕੀਰਤੀ (KIRTI), ਟੌਪਸ (TOPS) ਅਤੇ ਫਿੱਟ ਇੰਡੀਆ ਜਿਹੀਆਂ ਪਹਿਲਾਂ ਦਾ ਉਲੇਖ ਕਰਦੇ ਹੋਏ ਰਾਜਪਾਲ ਨੇ ਕਿਹਾ ਕਿ ਇਨ੍ਹਾਂ ਪ੍ਰੋਗਰਾਮਾਂ ਨਾਲ ਯੁਵਾ ਖਿਡਾਰੀਆਂ ਨੂੰ ਬਿਹਤਰ ਟ੍ਰੇਨਿੰਗ ਅਤੇ ਅੱਗੇ ਵਧਣ ਦੇ ਅਵਸਰ ਮਿਲ ਰਹੇ ਹਨ। ਉਨ੍ਹਾਂ ਨੇ ਚੰਡੀਗੜ੍ਹ ਪ੍ਰਸ਼ਾਸਨ ਦੇ ਪ੍ਰਯਾਸਾਂ ਦੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਨਵੀਂ ਖੇਡ ਨੀਤੀ ਦੇ ਤਹਿਤ ਖਿਡਾਰੀਆਂ ਨੂੰ ਸਕਾਲਰਸ਼ਿਪ ਅਤੇ ਨਕਦ ਪੁਰਸਕਾਰਾਂ ਦੇ ਜ਼ਰੀਏ ਹੁਣ ਤੱਕ ਲਗਭਗ ?36 ਕਰੋੜ ਦੀ ਸਹਾਇਤਾ ਦਿੱਤੀ ਜਾ ਚੁੱਕੀ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਅਭਿਨਵ ਬਿੰਦਰਾ ਫਾਊਂਡੇਸ਼ਨ ਦੇ ਸਹਿਯੋਗ ਨਾਲ ਓਲੰਪਿਕ ਵੈਲਿਊਜ਼ ਐਜੂਕੇਸ਼ਨ ਪ੍ਰੋਗਰਾਮ ਦੇ ਤਹਿਤ ਚਲਾਏ ਜਾ ਰਹੇ ਸਕੂਲ ਵਾਲੀਬਾਲ ਪ੍ਰੋਗਰਾਮ ਨਾਲ ਚੰਡੀਗੜ੍ਹ ਦੇ 108 ਸਰਕਾਰੀ ਸਕੂਲਾਂ ਦੇ 41,000 ਤੋਂ ਅਧਿਕ ਵਿਦਿਆਰਥੀਆਂ ਨੂੰ ਲਾਭ ਹੋ ਰਿਹਾ ਹੈ। ਉਨ੍ਹਾਂ ਨੇ ਚੰਡੀਗੜ੍ਹ ਇੰਟਰਨੈਸ਼ਨਲ ਮੈਰਾਥਨ ਅਤੇ 2027 ਵਿੱਚ ਹੋਣ ਵਾਲੀ ਏਸ਼ੀਅਨ ਰਿਲੇਅ ਚੈਂਪੀਅਨਸ਼ਿਪ ਦਾ ਉਲੇਖ ਕਰਦੇ ਹੋਏ ਕਿਹਾ ਕਿ ਚੰਡੀਗੜ੍ਹ ਖੇਡਾਂ ਦੇ ਖੇਤਰ ਵਿੱਚ ਆਪਣੀ ਪਹਿਚਾਣ ਮਜ਼ਬੂਤ ਕਰ ਰਿਹਾ ਹੈ।

ਰਾਜਪਾਲ ਨੇ ਚੈਂਪੀਅਨਸ਼ਿਪ ਦੇ ਆਯੋਜਨ ਅਤੇ ਖਿਡਾਰੀਆਂ ਅਤੇ ਅਧਿਕਾਰੀਆਂ ਲਈ ਕੀਤੀਆਂ ਗਈਆਂ ਵਿਵਸਥਾਵਾਂ ਲਈ ਸਕੂਲ ਸਿੱਖਿਆ ਵਿਭਾਗ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਖਿਡਾਰੀਆਂ ਦੇ ਠਹਿਰਨ ਲਈ ਚਾਰ ਸਥਾਨਾਂ 'ਤੇ ਕੀਤੀ ਗਈ ਵਿਵਸਥਾ ਅਤੇ ਉਨ੍ਹਾਂ ਨੂੰ ਚੰਡੀਗੜ੍ਹ ਦੇ ਵਿਭਿੰਨ ਦਰਸ਼ਨੀ ਸਥਲਾਂ ਦਾ ਦੌਰਾ ਕਰਵਾਉਣ ਦੀ ਪਹਿਲ ਦੀ ਵੀ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਪਰਫਾਰਮੈਂਸ ਗ੍ਰੇਡਿੰਗ ਇੰਡੈਕਸ (ਪੀਜੀਆਈ) ਵਿੱਚ ਚੰਡੀਗੜ੍ਹ ਦੇ ਪਹਿਲੇ ਸਥਾਨ ਦਾ ਵੀ ਉਲੇਖ ਕੀਤਾ।

ਉਦਘਾਟਨੀ ਸਮਾਰੋਹ ਦੀ ਸ਼ੁਰੂਆਤ ਵਿਭਿੰਨ ਟੀਮਾਂ ਦੇ ਮਾਰਚ ਪਾਸਟ ਨਾਲ ਹੋਈ। ਇਸ ਤੋਂ ਬਾਅਦ ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਸੈਕਟਰ 21 ਦੇ ਵਿਦਿਆਰਥੀਆਂ ਨੇ ਪੰਜਾਬ ਦੇ ਸਮ੍ਰਿੱਧ ਸੱਭਿਆਚਾਰ ਅਤੇ ਪਰੰਪਰਾਵਾਂ ਨੂੰ ਦਰਸਾਉਂਦੀ ਸੱਭਿਆਚਾਰਕ ਪ੍ਰਸਤੁਤੀ ਦਿੱਤੀ। ਸਮਾਰੋਹ ਦਾ ਇੱਕ ਵਿਸ਼ੇਸ਼ ਆਕਰਸ਼ਣ ਸਰਕਾਰੀ ਹਾਈ ਸਕੂਲ, ਡੱਡੂਮਾਜਰਾ ਦੇ ਇੱਕ ਵਿਦਿਆਰਥੀ ਦੁਆਰਾ ਰਾਜਪਾਲ ਸ਼੍ਰੀ ਗੁਲਾਬ ਚੰਦ ਕਟਾਰੀਆ ਦਾ 3ਡੀ ਮਾਡਲ ਭੇਂਟ ਕਰਨਾ ਰਿਹਾ। ਇਸ ਮਾਡਲ ਨੂੰ ਵਿਦਿਆਰਥੀ ਨੇ ਆਪਣੇ ਸਕੂਲ ਦੀ ਅਟਲ ਟਿੰਕਰਿਗ ਲੈਬ ਵਿੱਚ ਤਿਆਰ ਕੀਤਾ ਸੀ। ਵਿਦਿਆਰਥੀ ਦੇ ਪ੍ਰਯਾਸ ਦੀ ਸ਼ਲਾਘਾ ਕਰਦੇ ਹੋਏ ਸ਼੍ਰੀ ਕਟਾਰੀਆ ਨੇ ਕਿਹਾ ਕਿ ਅਜਿਹੀਆਂ ਪਹਿਲਾਂ ਵਿਦਿਆਰਥੀਆਂ ਵਿੱਚ ਰਚਨਾਤਮਕਤਾ, ਨਵੇਂ ਵਿਚਾਰਾਂ ਅਤੇ ਵਿਗਿਆਨਿਕ ਸੋਚ ਨੂੰ ਹੁਲਾਰਾ ਦਿੰਦੀਆਂ ਹਨ।

ਇਸ ਚੈਂਪੀਅਨਸ਼ਿਪ ਦੇ ਮੁਕਾਬਲੇ ਚਾਰ ਸਥਾਨਾਂ: ਜੀਐੱਮਐੱਸਐੱਸ- 35, ਜੀਐੱਮਐੱਸਐੱਸ- 37ਬੀ, ਜੀਐੱਮਐੱਸਐੱਸ- 15 ਅਤੇ ਜੀਐੱਮਐੱਸਐੱਸ- 23 ਵਿੱਚ ਆਯੋਜਿਤ ਕੀਤੇ ਜਾ ਰਹੇ ਹਨ। ਇਸ ਚੈਂਪੀਅਨਸ਼ਿਪ ਦਾ ਉਦੇਸ਼ ਖੇਡ ਭਾਵਨਾ, ਅਨੁਸ਼ਾਸਨ, ਆਪਸੀ ਸਨਮਾਨ ਅਤੇ ਤੰਦਰੁਸਤ ਮੁਕਾਬਲੇ ਨੂੰ ਹੁਲਾਰਾ ਦੇਣਾ ਅਤੇ ਦੇਸ਼ ਭਰ ਦੇ ਯੁਵਾ ਖਿਡਾਰੀਆਂ ਦੇ ਦਰਮਿਆਨ ਮਿੱਤਰ ਅਤੇ ਆਪਸੀ ਜੁੜਾਅ ਨੂੰ ਮਜ਼ਬੂਤ ਕਰਨਾ ਹੈ।

ਮਾਲੇਰਕੋਟਲਾ ਵਿਖੇ ਰਾਜ ਪੱਧਰੀ ਬਾਕਸਿੰਗ ਮੁਕਾਬਲਿਆਂ ਦੌਰਾਨ ਖਿਡਾਰੀਆਂ ਨੇ ਦਿਖਾਈ ਸ਼ਾਨਦਾਰ ਖੇਡ ਪ੍ਰਤਿਭਾ



ਮਲੇਰਕੋਟਲਾ, 19 ਨਵੰਬਰ
-ਰਾਜੇਸ਼ ਸ਼ਰਮਾ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ, ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਦੂਰ ਰੱਖਣ ਦੇ ਉਦੇਸ਼ ਨਾਲ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਜ਼ਿਲ੍ਹਾ ਮਾਲੇਰਕੋਟਲਾ ਵਿਖੇ ਰਾਜ ਪੱਧਰੀ ਬਾਕਸਿੰਗ ਮੁਕਾਬਲੇ ਕਰਵਾਏ ਜਾ ਰਹੇ ਹਨ।

ਜ਼ਿਲਾ ਖੇਡ ਅਫਸਰ ਕੁਲਦੀਪ ਚੁੱਘ ਨੇ ਕਿਹਾ ਕਿ 16 ਨਵੰਬਰ ਤੋਂ 23 ਨਵੰਬਰ ਤੱਕ ਕਰਵਾਏ ਜਾਣ ਵਾਲੇ ਇਨ੍ਹਾਂ ਮੁਕਾਬਲਿਆਂ ਦੇ ਦੂਜੇ ਦਿਨ ਵੱਖ-ਵੱਖ ਭਾਰ ਵਰਗਾਂ ਵਿੱਚ ਖਿਡਾਰੀਆਂ ਨੇ ਪੂਰੇ ਜੋਸ਼, ਉਤਸ਼ਾਹ ਅਤੇ ਖੇਡ ਭਾਵਨਾ ਨਾਲ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।

ਉਨ੍ਹਾਂ ਮੁਕਾਬਲਿਆਂ ਦੇ ਨਤੀਜਿਆਂ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੜਕੀਆਂ ਦੇ 65 ਤੋਂ 70 ਕਿਲੋਗ੍ਰਾਮ ਭਾਰ ਵਰਗ ਵਿੱਚ ਸੰਗਰੂਰ ਦੀ ਹਰਸਿਮਰਨਜੋਤ ਨੇ ਫਿਰੋਜ਼ਪੁਰ ਦੀ ਰਿਤਿਕਾ ਨੂੰ ਹਰਾ ਕੇ ਜਿੱਤ ਦਰਜ ਕੀਤੀ। ਇਸੇ ਤਰ੍ਹਾਂ 70 ਤੋਂ 75 ਕਿਲੋਗ੍ਰਾਮ ਭਾਰ ਵਰਗ ਵਿੱਚ ਮਾਲੇਰਕੋਟਲਾ ਦੀ ਜਸਲੀਨ ਨੇ ਬਰਨਾਲਾ ਦੀ ਨੂਰ ਕੌਰ ਨੂੰ ਹਰਾ ਕੇ ਜਿੱਤ ਹਾਸਲ ਕੀਤੀ।

ਇਸ ਤੋਂ ਇਲਾਵਾ 75 ਤੋਂ 80 ਕਿਲੋਗ੍ਰਾਮ ਭਾਰ ਵਰਗ ਵਿੱਚ ਹੁਸ਼ਿਆਰਪੁਰ ਦੀ ਗੁਰਵੀਰ ਕੌਰ ਨੇ ਬਰਨਾਲਾ ਦੀ ਗੁਰਮਨਪ੍ਰੀਤ ਨੂੰ ਹਰਾ ਕੇ ਜਿੱਤ ਪ੍ਰਾਪਤ ਕੀਤੀ, ਜਦਕਿ ਗੁਰਦਾਸਪੁਰ ਦੀ ਗੁਰਲੀਨ ਨੇ ਫਿਰੋਜ਼ਪੁਰ ਦੀ ਸਿਮਰਨ ਨੂੰ ਹਰਾ ਕੇ ਮੁਕਾਬਲਾ ਆਪਣੇ ਨਾਮ ਕੀਤਾ।

ਉਨ੍ਹਾਂ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਸਿਰਫ਼ ਖੇਡ ਮੁਕਾਬਲੇ ਹੀ ਨਹੀਂ, ਸਗੋਂ ਨੌਜਵਾਨਾਂ ਨੂੰ ਤੰਦਰੁਸਤ ਜੀਵਨ-ਸ਼ੈਲੀ ਅਪਣਾਉਣ, ਅਨੁਸ਼ਾਸਨ ਅਤੇ ਟੀਮ ਭਾਵਨਾ ਵਿਕਸਿਤ ਕਰਨ ਦੇ ਨਾਲ-ਨਾਲ ਨਸ਼ਿਆਂ ਤੋਂ ਦੂਰ ਰਹਿਣ ਲਈ ਵੀ ਪ੍ਰੇਰਿਤ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਅਜਿਹੇ ਖੇਡ ਮੁਕਾਬਲੇ ਨੌਜਵਾਨ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਅਤੇ ਖੇਡਾਂ ਵਿੱਚ ਅੱਗੇ ਵਧਣ ਲਈ ਵਧੀਆ ਮੰਚ ਪ੍ਰਦਾਨ ਕਰਦੇ ਹਨ। ਇਸ ਮੌਕੇ ਡੀ.ਐੱਮ. ਸਪੋਰਟਸ ਵਰਿੰਦਰ ਸਿੰਘ, ਹੈੱਡ ਮਾਸਟਰ ਮੁਹੰਮਦ ਯਾਕੂਬ, ਸੀਨੀਅਰ ਬਾਕਸਿੰਗ ਕੋਚ ਮੁਹੰਮਦ ਹਬੀਬ, ਬਾਕਸਿੰਗ ਕੋਚ ਹਰਪ੍ਰੀਤ ਸਿੰਘ, ਬਾਕਸਿੰਗ ਕੋਚ ਜਸਪ੍ਰੀਤ ਸਿੰਘ ਅਤੇ ਬਾਕਸਿੰਗ ਕੋਚ ਸਨੀ ਸਮੇਤ ਹੋਰ ਅਧਿਕਾਰੀ ਅਤੇ ਖੇਡ ਪ੍ਰੇਮੀ ਮੌਜੂਦ ਸਨ।

UK ਦੀਆਂ Universities ਦੇ ਦਾਖ਼ਲਿਆਂ 'ਚ ਆਈ ਵੱਡੀ ਗਿਰਾਵਟ



ਲੰਡਨ, 19 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

UK 'ਚ ਪੜ੍ਹਾਈ ਕਰਨ ਦਾ ਸੁਪਨਾ ਦੇਖਣ ਵਾਲੇ ਵਿਦੇਸ਼ੀ ਵਿਦਿਆਰਥੀਆਂ ਦੀ ਗਿਣਤੀ 'ਚ ਲਗਾਤਾਰ ਗਿਰਾਵਟ ਆ ਰਹੀ ਹੈ। ਵੀਜ਼ਾ ਨਿਯਮਾਂ ਦੀ ਸਖ਼ਤੀ, ਵਧਦੀ ਮਹਿੰਗਾਈ ਅਤੇ ਪੜ੍ਹਾਈ ਤੋਂ ਬਾਅਦ ਨੌਕਰੀ ਕਰਨ ਦੀ ਮਿਆਦ ਨੂੰ ਲੈ ਕੇ ਬਣੀ ਬੇਭਰੋਸਗੀ ਦਾ ਅਸਰ ਹੁਣ ਯੂਨੀਵਰਸਿਟੀਆਂ ਦੇ ਦਾਖ਼ਲਿਆਂ 'ਤੇ ਦਿਖਾਈ ਦੇਣ ਲੱਗਾ ਹੈ।

UK ਦੇ ਗ੍ਰਹਿ ਮੰਤਰਾਲੇ ਦੇ ਤਾਜ਼ਾ ਅੰਕੜਿਆਂ ਮੁਤਾਬਿਕ ਅਕਤੂਬਰ 2026 ਨੂੰ ਖ਼ਤਮ ਹੋਏ ਇੱਕ ਸਾਲ ਦੌਰਾਨ ਮੁੱਖ ਬਿਨੈਕਾਰਾਂ ਵਲੋਂ 349,900 ਸਟੂਡੈਂਟ ਵੀਜ਼ਾ ਅਰਜ਼ੀਆਂ ਦਿੱਤੀਆਂ ਗਈਆਂ ਜਦ ਕਿ ਇਸ ਤੋਂ ਪਿਛਲੇ ਸਾਲ ਇਸੇ ਮਿਆਦ 'ਚ ਇਹ ਗਿਣਤੀ 434,000 ਸੀ, ਭਾਵ ਇੱਕ ਸਾਲ 'ਚ 84,100 ਅਰਜ਼ੀਆਂ ਘੱਟ ਹੋਈਆਂ ਅਤੇ ਵਿਦੇਸ਼ੀ ਵਿਦਿਆਰਥੀਆਂ ਦੀਆਂ ਅਰਜ਼ੀਆਂ 'ਚ 20 ਫ਼ੀਸਦੀ ਗਿਰਾਵਟ ਦਰਜ ਕੀਤੀ ਗਈ।

ਗਿਰਾਵਟ ਦਾ ਅਸਰ ਮੁੱਖ ਦਾਖ਼ਲਾ ਸੀਜ਼ਨ 'ਚ ਵੀ ਦੇਖਣ ਨੂੰ ਮਿਲਿਆ। ਜੁਲਾਈ ਤੋਂ ਅਕਤੂਬਰ 2026 ਵਿਚਾਲੇ **UK** ਨੂੰ 236,100 ਸਟੂਡੈਂਟ ਵੀਜ਼ਾ ਅਰਜ਼ੀਆਂ ਮਿਲੀਆਂ ਜਦ ਕਿ 2025 ਦੀ ਇਸੇ ਮਿਆਦ 'ਚ 282,200 ਅਰਜ਼ੀਆਂ ਆਈਆਂ ਸਨ। ਇਹ 16 ਫ਼ੀਸਦੀ ਦੀ ਗਿਰਾਵਟ ਹੈ। ਸਾਲ 2023 ਦੇ ਮੁਕਾਬਲੇ ਇਹ ਅੰਕੜਾ 27 ਫ਼ੀਸਦੀ ਹੇਠਾਂ ਹੈ। ਇਕੱਲੇ ਅਕਤੂਬਰ 'ਚ 5,800 ਅਰਜ਼ੀਆਂ ਆਈਆਂ ਜਦ ਕਿ ਪਿਛਲੇ ਸਾਲ ਇਸੇ ਮਹੀਨੇ 'ਚ 8,400 ਅਰਜ਼ੀਆਂ ਮਿਲੀਆਂ ਸਨ। ਜੁਲਾਈ 'ਚ 20 ਫ਼ੀਸਦੀ, ਅਗਸਤ 'ਚ 17 ਫ਼ੀਸਦੀ ਅਤੇ ਸਤੰਬਰ 'ਚ 10 ਫ਼ੀਸਦੀ ਦੀ ਗਿਰਾਵਟ ਦਰਜ ਕੀਤੀ ਗਈ।

ਵੀਜ਼ਾ ਨਿਯਮਾਂ ਦੀ ਸਖ਼ਤੀ ਨਾਲ ਯੂਨੀਵਰਸਿਟੀਆਂ ਦੀ ਪਰੇਸ਼ਾਨੀ ਵਧੀ: **UK** ਸਰਕਾਰ ਨੇ ਜੂਨ 2026 'ਚ ਬੇਸਿਕ ਕੰਪਲਾਇੰਸ ਅਸੈੱਸਮੈਂਟ ਦੇ ਨਿਯਮ ਲਾਗੂ ਕੀਤੇ ਹਨ। ਇਸ ਤਹਿਤ ਜੇ ਕਿਸੇ ਯੂਨੀਵਰਸਿਟੀ ਦੀਆਂ ਸਟੂਡੈਂਟ ਵੀਜ਼ਾ ਅਰਜ਼ੀਆਂ 'ਚੋਂ ਪੰਜ ਫ਼ੀਸਦੀ ਤੋਂ ਵੱਧ ਅਰਜ਼ੀਆਂ ਰੱਦ ਹੁੰਦੀਆਂ ਹਨ ਤਾਂ ਉਸ ਦਾ ਸਪੌਂਸਰ ਲਾਇਸੈਂਸ ਖ਼ਤਰੇ 'ਚ ਪੈ ਸਕਦਾ ਹੈ। ਇਸ ਕਾਰਨ ਕਈ ਯੂਨੀਵਰਸਿਟੀਆਂ ਵਿਦੇਸ਼ੀ ਵਿਦਿਆਰਥੀਆਂ ਦੀ ਭਰਤੀ ਨੂੰ ਲੈ ਕੇ ਚੌਕਸ ਹੋ ਗਈਆਂ ਹਨ। ਫ਼ਾਈਨੈਂਸ਼ਲ ਟਾਈਮਜ਼ ਦੀ ਰਿਪੋਰਟ ਮੁਤਾਬਿਕ ਘੱਟੋ-ਘੱਟ 15 ਬ੍ਰਿਟਿਸ਼ ਯੂਨੀਵਰਸਿਟੀਆਂ ਨੇ ਪਾਕਿਸਤਾਨ ਤੋਂ ਅਤੇ ਨੌਂ ਯੂਨੀਵਰਸਿਟੀਆਂ ਨੇ ਹੋਰ ਜੋਖ਼ਮ ਵਾਲੇ ਦੇਸ਼ਾਂ ਤੋਂ ਵਿਦਿਆਰਥੀਆਂ ਦੀ ਭਰਤੀ ਰੋਕ ਦਿੱਤੀ ਹੈ। ਮਾਰਚ 2026 ਦੇ ਅੰਤ 'ਚ ਅਫ਼ਗ਼ਾ*ਨਿਸਤਾਨ, ਕੈਮਰੂਨ, ਮਿਆਂਮਾਰ ਅਤੇ ਸੂਡਾਨ ਦੇ ਨਾਗਰਿਕਾਂ 'ਤੇ ਵੀਜ਼ਾ ਪਾਬੰਦੀਆਂ ਨੇ ਵੀ ਚਿੰਤਾ ਵਧਾਈ ਹੈ।

ਪੜ੍ਹਾਈ ਤੋਂ ਬਾਅਦ ਨੌਕਰੀ ਦੇ ਨਿਯਮ ਵੀ ਬਣੇ ਵਜ੍ਹਾ: ਮਈ 2025 'ਚ ਬ੍ਰਿਟੇਨ ਨੇ ਗ੍ਰੈਜੂਏਟ ਰੂਟ ਤਹਿਤ ਪੜ੍ਹਾਈ ਪੂਰੀ ਕਰਨ ਵਾਲੇ ਵਿਦਿਆਰਥੀਆਂ ਨੂੰ ਮਿਲਣ ਵਾਲੇ ਪੋਸਟ-ਸਟੱਡੀ ਵਰਕ ਵੀਜ਼ਾ ਦੀ ਮਿਆਦ ਦੋ ਸਾਲ ਤੋਂ ਘਟਾ ਕੇ 18 ਮਹੀਨੇ ਕਰਨ ਦਾ ਫ਼ੈਸਲਾ ਕੀਤਾ ਸੀ। ਇਹ ਬਦਲਾਅ ਜਨਵਰੀ 2027 ਤੋਂ ਲਾਗੂ ਹੋਣਾ ਸੀ। ਹਾਲਾਂਕਿ ਹਾਲੀਆ ਬਜਟ 'ਚ ਕੁੱਝ ਯੋਗ ਯੂਨੀਵਰਸਿਟੀਆਂ ਦੇ ਗ੍ਰੈਜੂਏਟਾਂ ਲਈ ਦੋ ਸਾਲ ਦੀ ਮਿਆਦ ਬਹਾਲ ਕਰਨ ਦਾ ਪ੍ਰਸਤਾਵ ਰੱਖਿਆ ਗਿਆ ਹੈ। ਇਸ ਦੀਆਂ ਸ਼ਰਤਾਂ ਹਾਲੇ ਤੈਅ ਨਹੀਂ ਹੋਈਆਂ ਹਨ। ਮਾਹਿਰਾਂ ਮੁਤਾਬਿਕ ਮਹਿੰਗੀ ਸਿੱਖਿਆ, ਰਹਿਣ-ਖਾਣ ਦਾ ਖ਼ਰਚਾ ਅਤੇ ਆਰਥਿਕ ਬੇਭਰੋਸਗੀ ਵੀ ਵਿਦਿਆਰਥੀਆਂ ਨੂੰ ਦੂਜੇ ਦੇਸ਼ਾਂ ਵਲ ਜਾਣ ਲਈ ਪ੍ਰੇਰਿਤ ਕਰ ਰਹੀ ਹੈ। **ਪਰਿਵਾਰ ਨਾਲ ਲਿਜਾਣ ਵਾਲਿਆਂ ਦੀ ਗਿਣਤੀ 'ਚ ਵੀ ਭਾਰੀ ਕਮੀ:** **UK** 'ਚ ਪੜ੍ਹਨ ਆਉਣ ਵਾਲੇ ਵਿਦਿਆਰਥੀਆਂ ਦੇ ਡਿਪੈਂਡੈਂਟਸ ਦੀਆਂ ਵੀਜ਼ਾ ਅਰਜ਼ੀਆਂ 'ਚ ਵੀ 32 ਫ਼ੀਸਦੀ ਗਿਰਾਵਟ ਆਈ ਹੈ। ਅਕਤੂਬਰ 2026 ਨੂੰ ਖ਼ਤਮ ਹੋਏ ਇੱਕ ਸਾਲ 'ਚ ਅਜਿਹੀਆਂ ਸਿਰਫ਼ 15,400 ਅਰਜ਼ੀਆਂ ਆਈਆਂ। ਜਨਵਰੀ 2024 ਤੋਂ ਲਾਗੂ ਨਿਯਮਾਂ ਤਹਿਤ ਜ਼ਿਆਦਾਤਰ ਵਿਦੇਸ਼ੀ ਵਿਦਿਆਰਥੀਆਂ ਨੂੰ ਆਪਣੇ ਪਰਿਵਾਰਕ ਮੈਂਬਰਾਂ ਨੂੰ ਨਾਲ ਲਿਜਾਣ ਦੀ ਇਜਾਜ਼ਤ ਨਹੀਂ। ਛੋਟ ਮੁੱਖ ਤੌਰ 'ਤੇ ਰਿਸਰਚ ਆਧਾਰਤ ਪੋਸਟ-ਗ੍ਰੈਜੂਏਟ ਕੋਰਸਾਂ ਅਤੇ ਕੁੱਝ ਸਰਕਾਰੀ



ਹਰਿਆਣਾ ਖ਼ਬਰਨਾਮਾ



ਹਰਿਆਣਾ ਨੇ 31 ਦਸੰਬਰ ਤੱਕ ਸਾਰੇ 23 ਜ਼ਿਲ੍ਹਿਆਂ ਨੂੰ ਐਚ.ਆਈ.ਵੀ./ਏਡਜ਼ ਕੰਟਰੋਲ ਦੇ 'ਸੁਰੱਖਿਅਤ ਜ਼ਿਲ੍ਹਾ' ਢਾਂਚੇ ਵਿੱਚ ਲਿਆਉਣ ਦਾ ਟੀਚਾ ਰੱਖਿਆ

➢ ਐਚ.ਆਈ.ਵੀ. ਦੀ ਜਾਂਚ ਕਵਰੇਜ ਵਧ ਕੇ 94.7 ਪ੍ਰਤੀਸ਼ਤ, ਏ.ਆਰ.ਟੀ. ਇਲਾਜ ਕਵਰੇਜ 91.1 ਪ੍ਰਤੀਸ਼ਤ ਅਤੇ ਵਾਇਰਲ ਸਪ੍ਰੈਸ਼ਨ 95.8 ਪ੍ਰਤੀਸ਼ਤ ਪਹੁੰਚਿਆ ➢ ਇਲਾਜ ਵਿਚਕਾਰ ਛੱਡ ਚੁੱਕੇ 6,000 ਤੋਂ ਵੱਧ ਮਰੀਜ਼ਾਂ ਨੂੰ ਲੱਭ ਕੇ ਦੁਬਾਰਾ ਸਿਹਤ ਸੇਵਾਵਾਂ ਨਾਲ ਜੋੜਿਆ

ਚੰਡੀਗੜ੍ਹ, 19 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਨੇ 31 ਦਸੰਬਰ ਤੱਕ ਸੂਬੇ ਦੇ ਸਾਰੇ 23 ਜ਼ਿਲ੍ਹਿਆਂ ਨੂੰ ਐਚ.ਆਈ.ਵੀ./ਏਡਜ਼ ਕੰਟਰੋਲ ਲਈ 'ਸੁਰੱਖਿਅਤ ਜ਼ਿਲ੍ਹਾ' ਦੇ ਘੇਰੇ ਵਿੱਚ ਲਿਆਉਣ ਦਾ ਟੀਚਾ ਨਿਰਧਾਰਤ ਕੀਤਾ ਹੈ। ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਪ੍ਰੋਗਰਾਮ ਅਧਿਕਾਰੀਆਂ ਨੂੰ ਜਾਂਚ, ਇਲਾਜ ਅਤੇ ਮਰੀਜ਼ਾਂ ਦੀ ਨਿਗਰਾਨੀ ਨਾਲ ਜੁੜੇ ਯਤਨਾਂ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਹਨ। ਡਾ. ਸੁਮਿਤਾ ਮਿਸ਼ਰਾ ਅੱਜ ਚੰਡੀਗੜ੍ਹ ਵਿਖੇ 'ਸੁਰੱਖਿਆ ਸੰਕਲਪ ਵਰਕਸ਼ਾਪ' ਪਹਿਲਕਦਮੀ ਤਹਿਤ ਆਯੋਜਿਤ ਵਰਕਸ਼ਾਪ ਵਿੱਚ ਬਤੌਰ ਮੁੱਖ ਮਹਿਮਾਨ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਹਰਿਆਣਾ ਨੇ ਐਚ.ਆਈ.ਵੀ./ਏਡਜ਼ ਕੰਟਰੋਲ ਪ੍ਰੋਗਰਾਮ ਵਿੱਚ ਸ਼ਲਾਘਾਯੋਗ ਤਰੱਕੀ ਕੀਤੀ ਹੈ। ਜੁਲਾਈ 2026 ਵਿੱਚ ਐਚ.ਆਈ.ਵੀ. ਜਾਂਚ ਕਵਰੇਜ 85.2 ਪ੍ਰਤੀਸ਼ਤ ਸੀ, ਜੋ ਅਕਤੂਬਰ 2026 ਵਿੱਚ ਵਧ ਕੇ 94.7 ਪ੍ਰਤੀਸ਼ਤ ਹੋ ਗਈ ਹੈ। ਇਸੇ ਤਰ੍ਹਾਂ, ਐਚ.ਆਈ.ਵੀ. ਸੰਕਰਮਿਤ ਪਾਏ ਗਏ ਲੋਕਾਂ ਵਿੱਚ ਐਂਟੀਰੇਟਰੋਵਾਇਰਲ ਥੈਰੇਪੀ (ਏਆਰਟੀ) ਪ੍ਰਾਪਤ ਕਰਨ ਵਾਲਿਆਂ ਦਾ ਅਨੁਪਾਤ 83.7 ਪ੍ਰਤੀਸ਼ਤ ਤੋਂ ਵਧ ਕੇ 91.1 ਪ੍ਰਤੀਸ਼ਤ ਹੋ ਗਿਆ ਹੈ, ਜਦਕਿ ਵਾਇਰਲ ਸਪ੍ਰੈਸ਼ਨ ਦਾ ਪੱਧਰ 95.8 ਪ੍ਰਤੀਸ਼ਤ ਤੱਕ ਪਹੁੰਚ ਗਿਆ ਹੈ।

ਉਨ੍ਹਾਂ ਦੱਸਿਆ ਕਿ ਜਨਵਰੀ 2026 ਤੋਂ ਹੁਣ ਤੱਕ ਇਲਾਜ ਅਤੇ ਸਿਹਤ ਸੇਵਾਵਾਂ ਦੇ ਨਿਯਮਤ ਸੰਪਰਕ ਤੋਂ ਬਾਹਰ ਹੋ ਚੁੱਕੇ 6,052 ਲੋਕਾਂ ਨੂੰ ਲੱਭ ਕੇ ਦੁਬਾਰਾ ਇਲਾਜ ਨਾਲ ਜੋੜਿਆ ਗਿਆ ਹੈ। ਇਹ ਮਰੀਜ਼ਾਂ ਦੀ ਨਿਗਰਾਨੀ ਅਤੇ ਇਲਾਜ ਦੀ ਨਿਰੰਤਰਤਾ ਯਕੀਨੀ ਬਣਾਉਣ ਦੀ ਦਿਸ਼ਾ ਵਿੱਚ ਮਹੱਤਵਪੂਰਨ ਪ੍ਰਾਪਤੀ ਹੈ।



ਡਾ. ਮਿਸ਼ਰਾ ਨੇ ਕਿਹਾ ਕਿ ਅੰਬਾਲਾ, ਜੀਂਦ, ਕੈਥਲ, ਕੁਰੂਕਸ਼ੇਤਰ, ਪੰਚਕੂਲਾ, ਰੋਹਤਕ ਅਤੇ ਸੋਨੀਪਤ ਸਮੇਤ ਸੱਤ ਜ਼ਿਲ੍ਹੇ ਪਹਿਲਾਂ ਹੀ 'ਸੁਰੱਖਿਅਤ ਜ਼ਿਲ੍ਹਾ' ਦਾ ਦਰਜਾ ਹਾਸਲ ਕਰ ਚੁੱਕੇ ਹਨ। ਹੁਣ ਤਰਜੀਹ ਇਸ ਪ੍ਰਾਪਤੀ ਨੂੰ ਸੂਬੇ ਦੇ ਸਾਰੇ ਜ਼ਿਲ੍ਹਿਆਂ ਤੱਕ ਪਹੁੰਚਾਉਣ ਦੀ ਹੈ। ਉਨ੍ਹਾਂ ਇਨ੍ਹਾਂ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ, ਸਿਵਲ ਸਰਜਨਾਂ, ਜ਼ਿਲ੍ਹਾ ਏਡਜ਼ ਕੰਟਰੋਲ ਅਧਿਕਾਰੀਆਂ, ਸਿਹਤ ਕਰਮਚਾਰੀਆਂ ਅਤੇ ਪ੍ਰੋਗਰਾਮ ਨਾਲ ਜੁੜੀਆਂ ਟੀਮਾਂ ਨੂੰ ਵਧਾਈ ਦਿੱਤੀ ਅਤੇ ਬਾਕੀ ਜ਼ਿਲ੍ਹਿਆਂ ਨੂੰ ਵੀ ਇਸੇ ਦਿਸ਼ਾ ਵਿੱਚ ਯਤਨ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਮਿਸ਼ਨ ਮੋਡ ਵਿੱਚ ਕੰਮ ਕਰਦੇ ਹੋਏ ਆਪਸੀ ਤਾਲਮੇਲ ਨਾਲ ਨਿਰਧਾਰਤ ਸਮਾਂ-ਸੀਮਾ ਵਿੱਚ ਬਾਕੀ ਰਹਿੰਦੀਆਂ ਕਮੀਆਂ ਨੂੰ ਦੂਰ ਕਰੇ।

ਐਚ.ਆਈ.ਵੀ./ਏਡਜ਼ ਦੇ ਇਲਾਜ ਵਿੱਚ ਆ ਰਹੇ ਬਦਲਾਵਾਂ ਦਾ ਜ਼ਿਕਰ ਕਰਦਿਆਂ ਡਾ. ਮਿਸ਼ਰਾ ਨੇ ਕਿਹਾ ਕਿ ਡਾਕਟਰੀ ਖੇਤਰ ਵਿੱਚ ਹੋਈ ਤਰੱਕੀ ਦੇ ਚੱਲਦਿਆਂ ਹੁਣ ਐਚ.ਆਈ.ਵੀ. ਨੂੰ ਇੱਕ ਕੰਟਰੋਲ ਕੀਤੀ ਜਾ ਸਕਣ ਵਾਲੀ ਸਿਹਤ ਸਥਿਤੀ ਵਜੋਂ ਦੇਖਿਆ ਜਾਂਦਾ ਹੈ। ਇਸ ਨਾਲ ਸੰਕਰਮਿਤ ਵਿਅਕਤੀ ਵੀ ਸਿਹਤਮੰਦ ਅਤੇ ਸਰਗਰਮ ਜੀਵਨ ਜੀਅ ਸਕਦੇ ਹਨ। ਇਸ ਦੇ ਲਈ ਸਮੇਂ ਸਿਰ ਜਾਂਚ, ਬਿਨਾਂ ਕਿਸੇ ਰੁਕਾਵਟ ਦੇ ਨਿਯਮਤ ਇਲਾਜ ਅਤੇ ਨਿਰੰਤਰ ਸਿਹਤ ਨਿਗਰਾਨੀ ਬਹੁਤ ਜ਼ਰੂਰੀ ਹੈ।

ਉਨ੍ਹਾਂ ਐਚ.ਆਈ.ਵੀ. ਸੰਕਰਮਿਤ ਵਿਅਕਤੀਆਂ ਦੇ ਅਧਿਕਾਰਾਂ ਅਤੇ ਸਨਮਾਨ ਦੀ ਰਾਖੀ 'ਤੇ ਵੀ ਵਿਸ਼ੇਸ਼ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਐਚ.ਆਈ.ਵੀ./ਏਡਜ਼ ਲੋਕਪਾਲ (ਓਮਬਡਸਮੈਨ) ਉਨ੍ਹਾਂ ਦੇ ਅਧਿਕਾਰਾਂ ਦੀ ਰੱਖਿਆ ਅਤੇ ਸ਼ਿਕਾਇਤਾਂ ਦੇ ਨਿਪਟਾਰੇ ਲਈ ਇੱਕ ਕਾਨੂੰਨੀ ਵਿਵਸਥਾ ਹੈ। ਇਸ ਵਿਵਸਥਾ ਪ੍ਰਤੀ ਜਾਗਰੂਕਤਾ ਵਧਾਈ ਜਾਣੀ ਚਾਹੀਦੀ ਹੈ, ਤਾਂ ਜੋ ਐਚ.ਆਈ.ਵੀ. ਨਾਲ ਜੀਵਨ ਜੀਅ ਰਹੇ ਲੋਕ ਬਿਨਾਂ ਕਿਸੇ ਝਿਜਕਰੇ ਦੇ ਡਰ ਅਤੇ ਆਪਣੀ ਗੁਪਤਤਾ ਉਜਾਗਰ ਹੋਣ ਦੀ ਚਿੰਤਾ ਤੋਂ ਬਿਨਾਂ ਉਚਿਤ ਸ਼ਿਕਾਇਤ ਨਿਵਾਰਣ ਪ੍ਰਾਪਤ ਕਰ ਸਕਣ।

ਹਰਿਆਣਾ ਵਿੱਚ ਐਚ.ਆਈ.ਵੀ./ਏਡਜ਼ ਕੰਟਰੋਲ ਪ੍ਰੋਗਰਾਮ ਤਹਿਤ 105 ਏਕੀਕ੍ਰਿਤ ਕਾਊਂਸਲਿੰਗ ਅਤੇ ਜਾਂਚ ਕੇਂਦਰ (93"3), 24 ਏ.ਆਰ.ਟੀ. ਕੇਂਦਰ ਅਤੇ 39 ਟੀਚਾਗਤ ਦਖਲਅੰਦਾਜ਼ੀ ਪ੍ਰੋਜੈਕਟ ਚਲਾਏ ਜਾ ਰਹੇ ਹਨ। ਇਸ ਤੋਂ ਇਲਾਵਾ, ਸੂਬੇ ਵਿੱਚ 15 ਓਪੀਓਇਡ ਸਬਸਟੀਟਿਊਸ਼ਨ ਥੈਰੇਪੀ (ਕੇਂਦਰ ਅਤੇ ਜਿਨਸੀ ਤੌਰ 'ਤੇ ਫੈਲਣ ਵਾਲੀਆਂ ਲਾਗਾਂ ਦੇ ਇਲਾਜ ਲਈ 31 ਸੁਰੱਖਿਆ ਕਲੀਨਿਕ ਵੀ ਕਾਰਜਸ਼ੀਲ ਹਨ। ਡਾ. ਮਿਸ਼ਰਾ ਨੇ ਕਿਹਾ ਕਿ ਹੁਣ ਇਨ੍ਹਾਂ ਸਹੂਲਤਾਂ ਰਾਹੀਂ ਵੱਧ ਤੋਂ ਵੱਧ ਲੋਕਾਂ ਤੱਕ ਜਾਂਚ, ਸਮੇਂ ਸਿਰ ਇਲਾਜ ਅਤੇ ਮਰੀਜ਼ਾਂ ਦੀ ਨਿਯਮਤ ਨਿਗਰਾਨੀ ਦੀਆਂ ਸੇਵਾਵਾਂ ਪਹੁੰਚਾਉਣਾ ਯਕੀਨੀ ਬਣਾਉਣਾ ਹੋਵੇਗਾ।

ਮਾਂ ਤੋਂ ਬੱਚੇ ਵਿੱਚ ਲਾਗ ਦੀ ਰੋਕਥਾਮ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਐਚ.ਆਈ.ਵੀ., ਸਿਫ਼ਿਲਿਸ ਅਤੇ ਹੈਪੇਟਾਈਟਸ-ਬੀ ਦੇ ਮਾਂ ਤੋਂ ਬੱਚੇ ਵਿੱਚ ਫੈਲਣ ਵਾਲੀ ਲਾਗ ਨੂੰ ਖ਼ਤਮ ਕਰਨਾ ਹਰੇਕ ਜ਼ਿਲ੍ਹੇ ਦੀ ਤਰਜੀਹ ਹੋਣੀ ਚਾਹੀਦੀ ਹੈ। ਸਾਰੀਆਂ ਗਰਭਵਤੀ ਔਰਤਾਂ ਦੀ ਸਮੇਂ ਸਿਰ ਜਾਂਚ ਯਕੀਨੀ ਬਣਾਈ ਜਾਵੇ। ਜਾਂਚ ਵਿੱਚ ਸੰਕਰਮਿਤ ਪਾਈਆਂ ਜਾਣ ਵਾਲੀਆਂ ਔਰਤਾਂ ਨੂੰ ਉਚਿਤ ਇਲਾਜ, ਕਾਊਂਸਲਿੰਗ ਅਤੇ ਡਾਕਟਰੀ ਨਿਗਰਾਨੀ ਉਪਲਬਧ ਕਰਵਾਈ ਜਾਵੇ। ਇਸ ਦੇ ਨਾਲ ਹੀ ਨਵਜੰਮੇ ਬੱਚਿਆਂ ਨੂੰ ਨਿਰਧਾਰਤ ਪ੍ਰੋਟੋਕੋਲ ਅਨੁਸਾਰ ਲਾਗ ਤੋਂ ਬਚਾਅ ਸਬੰਧੀ ਦੇਖਭਾਲ ਅਤੇ ਫਾਲੋ-ਅੱਪ ਜਾਂਚ ਦੀ ਸਹੂਲਤ ਵੀ ਦਿੱਤੀ ਜਾਵੇ। ਡਾ. ਮਿਸ਼ਰਾ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਨਿਰਦੇਸ਼ ਦਿੱਤੇ ਕਿ ਐਚ.ਆਈ.ਵੀ. ਸੰਕਰਮਿਤ ਪਾਏ ਜਾਣ ਵਾਲੇ ਹਰੇਕ ਵਿਅਕਤੀ ਨੂੰ ਤੁਰੰਤ ਏ.ਆਰ.ਟੀ. ਸੇਵਾਵਾਂ ਨਾਲ ਜੋੜਿਆ ਜਾਵੇ। ਦਵਾਈਆਂ ਦੀ ਨਿਰਵਿਘਨ ਉਪਲਬਧਤਾ ਅਤੇ ਸਮੇਂ ਸਿਰ ਵਾਇਰਲ ਲੋਡ ਦੀ ਜਾਂਚ ਯਕੀਨੀ ਬਣਾਈ ਜਾਵੇ। ਇਲਾਜ ਲਈ ਨਿਰਧਾਰਤ ਸਮੇਂ 'ਤੇ ਨਾ ਪਹੁੰਚਣ ਵਾਲੇ ਮਰੀਜ਼ਾਂ ਦੀ ਤੁਰੰਤ ਪਛਾਣ ਕਰਕੇ ਸਿਹਤ ਕਰਮਚਾਰੀਆਂ, ਕਾਊਂਸਲਰਾਂ ਅਤੇ ਫੀਲਡ ਪੱਧਰ ਦੀਆਂ ਟੀਮਾਂ ਰਾਹੀਂ ਉਨ੍ਹਾਂ ਨਾਲ ਸੰਪਰਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਹਰੇਕ ਪਛਾਣੀ ਗਈ ਕਮੀ ਨੂੰ ਦੂਰ ਕਰਨ ਲਈ ਇੱਕ ਜ਼ਿੰਮੇਵਾਰ ਅਧਿਕਾਰੀ ਨਿਰਧਾਰਤ ਕੀਤਾ ਜਾਵੇ ਅਤੇ ਉਸ ਦੇ ਹੱਲ ਦੀ ਸਮਾਂ-ਸੀਮਾ ਤੈਅ ਕੀਤੀ ਜਾਵੇ।

ਉਨ੍ਹਾਂ ਕਿਹਾ ਕਿ ਐਚ.ਆਈ.ਵੀ. ਕੰਟਰੋਲ ਦੇ ਨਿਰਧਾਰਤ ਟੀਚਿਆਂ ਨੂੰ ਹਾਸਲ ਕਰਨ ਲਈ ਜ਼ਿਲ੍ਹਾ ਪੱਧਰ 'ਤੇ ਸਮੀਖਿਆ ਸਿਰਫ਼ ਅੰਕੜਿਆਂ ਤੱਕ ਸੀਮਤ ਨਹੀਂ ਰਹਿਣੀ ਚਾਹੀਦੀ, ਸਗੋਂ ਉਨ੍ਹਾਂ ਲੋਕਾਂ ਦੀ ਵੀ ਪਛਾਣ ਕੀਤੀ ਜਾਣੀ ਚਾਹੀਦੀ ਹੈ ਜੋ ਅਜੇ ਸਿਹਤ ਸੇਵਾਵਾਂ ਦੇ ਘੇਰੇ ਤੋਂ ਬਾਹਰ ਹਨ। ਇਨ੍ਹਾਂ ਵਿੱਚ ਉਹ ਲੋਕ ਵੀ ਸ਼ਾਮਲ ਹਨ ਜਿਨ੍ਹਾਂ ਦੀ ਅਜੇ ਤੱਕ ਜਾਂਚ ਨਹੀਂ ਹੋਈ ਹੈ, ਜਾਂਚ ਵਿੱਚ ਸੰਕਰਮਿਤ ਪਾਏ ਜਾਣ ਦੇ ਬਾਵਜੂਦ ਜੋ ਇਲਾਜ ਨਾਲ ਨਹੀਂ ਜੁੜੇ ਹਨ ਅਤੇ ਉਹ ਮਰੀਜ਼ ਵੀ ਸ਼ਾਮਲ ਹਨ ਜਿਨ੍ਹਾਂ ਨੇ ਵਿਚਕਾਰ ਹੀ ਦਵਾਈਆਂ ਲੈਣੀਆਂ ਬੰਦ ਕਰ ਦਿੱਤੀਆਂ ਹਨ।

ਉਨ੍ਹਾਂ ਦੁਹਰਾਇਆ ਕਿ ਸਰਕਾਰ ਦਾ ਉਦੇਸ਼ ਸਿਰਫ਼ ਜ਼ਿਲ੍ਹਾ ਪੱਧਰ ਦੇ ਟੀਚੇ ਹਾਸਲ ਕਰਨਾ ਨਹੀਂ, ਸਗੋਂ ਐਚ.ਆਈ.ਵੀ. ਨਾਲ ਜੀਵਨ ਜੀਅ ਰਹੇ ਹਰੇਕ ਵਿਅਕਤੀ ਨੂੰ ਸਮੇਂ ਸਿਰ ਇਲਾਜ, ਗੁਪਤਤਾ ਅਤੇ ਸਨਮਾਨਜਨਕ ਸਿਹਤ ਸੇਵਾਵਾਂ ਉਪਲਬਧ ਕਰਵਾਉਣਾ ਹੈ। ਉਨ੍ਹਾਂ ਡਿਪਟੀ ਕਮਿਸ਼ਨਰਾਂ, ਸਿਵਲ ਸਰਜਨਾਂ, ਜ਼ਿਲ੍ਹਾ ਏਡਜ਼ ਕੰਟਰੋਲ ਅਧਿਕਾਰੀਆਂ ਅਤੇ ਪ੍ਰੋਗਰਾਮ ਨਾਲ ਜੁੜੇ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਦਾ ਸੱਦਾ ਦਿੱਤਾ, ਤਾਂ ਜੋ ਸਾਲ ਦੇ ਅੰਤ ਤੱਕ ਸੂਬੇ ਦੇ ਸਾਰੇ 23 ਜ਼ਿਲ੍ਹਿਆਂ ਨੂੰ 'ਸੁਰੱਖਿਅਤ ਜ਼ਿਲ੍ਹਾ' ਦੇ ਘੇਰੇ ਵਿੱਚ ਲਿਆਉਣ ਦਾ ਟੀਚਾ ਸਾਂਝੇ ਯਤਨਾਂ ਨਾਲ ਪੂਰਾ ਕੀਤਾ ਜਾ ਸਕੇ। ਇਸ ਮੌਕੇ ਹਰਿਆਣਾ ਰਾਜ ਏਡਜ਼ ਕੰਟਰੋਲ ਸੁਸਾਇਟੀ (HSACS) ਦੀ ਪ੍ਰੋਜੈਕਟ ਡਾਇਰੈਕਟਰ ਡਾ. ਮੁਕਤਾ ਨੇ ਵੀ ਐਚ.ਆਈ.ਵੀ./ਏਡਜ਼ ਕੰਟਰੋਲ ਪ੍ਰੋਗਰਾਮ ਦੇ ਲਾਗੂਕਰਨ ਨੂੰ ਲੈ ਕੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਜ਼ਿਲ੍ਹਾ ਪੱਧਰ 'ਤੇ ਤਾਲਮੇਲ ਵਾਲੇ ਯਤਨਾਂ, ਵਿਆਪਕ ਜਨ-ਜਾਗਰੂਕਤਾ, ਸਮੇਂ ਸਿਰ ਜਾਂਚ, ਇਲਾਜ ਅਤੇ ਮਰੀਜ਼ਾਂ ਦੇ ਨਿਯਮਤ ਫਾਲੋ-ਅੱਪ ਦੀ ਲੋੜ 'ਤੇ ਜ਼ੋਰ ਦਿੱਤਾ।

ਉਨ੍ਹਾਂ ਕਿਹਾ ਕਿ ਫੀਲਡ ਪੱਧਰ ਦੀਆਂ ਟੀਮਾਂ ਨੂੰ ਵਿਸ਼ੇਸ਼ ਤੌਰ 'ਤੇ ਕੇਂਦਰਿਤ ਦ੍ਰਿਸ਼ਟੀਕੋਣ ਨਾਲ ਕੰਮ ਕਰਨਾ ਚਾਹੀਦਾ ਹੈ, ਤਾਂ ਜੋ ਕੋਈ ਵੀ ਵਿਅਕਤੀ ਜਾਂਚ ਅਤੇ ਇਲਾਜ ਸੇਵਾਵਾਂ ਦੇ ਘੇਰੇ ਤੋਂ ਬਾਹਰ ਨਾ ਰਹੇ ਅਤੇ ਹਰੇਕ ਮਰੀਜ਼ ਨੂੰ ਗੁਪਤਤਾ ਅਤੇ ਸਨਮਾਨ ਨਾਲ ਸਿਹਤ ਸੇਵਾਵਾਂ ਉਪਲਬਧ ਹੋਣ।

ਸ਼ਹੀਦੀ ਦਿਹਾੜੇ ਨੂੰ ਸਮਰਪਿਤ ਭਾਸ਼ਣ ਮੁਕਾਬਲੇ ਕਰਵਾਏ



ਯਮੁਨਾਨਗਰ, 19 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਗੁਰੂ ਤੇਗ ਬਹਾਦਰ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮਾਂ ਦੀ ਲੜੀ ਤਹਿਤ ਭਾਰਤ ਵਿਕਾਸ ਪਰਿਸ਼ਦ ਦੀ ਯਮੁਨਾਨਗਰ ਸ਼ਾਖਾ ਵੱਲੋਂ ਗੁਰੂ ਨਾਨਕ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਵਿੱਚ ਭਾਸ਼ਣ ਮੁਕਾਬਲੇ ਕਰਵਾਏ ਗਏ। ਸ਼ਹਿਰ ਦੇ ਸੱਤ ਸਕੂਲਾਂ ਦੇ ਵਿਦਿਆਰਥੀਆਂ ਨੇ ਮੁਕਾਬਲਿਆਂ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਵਿਦਿਆਰਥੀਆਂ ਨੇ ਆਪਣੇ ਭਾਸ਼ਣਾਂ ਰਾਹੀਂ ਗੁਰੂ ਸਾਹਿਬ ਦੇ ਜੀਵਨ, ਉਨ੍ਹਾਂ ਦੀ ਤਿਆਗ ਦੀ ਭਾਵਨਾ ਅਤੇ ਮਨੁੱਖਤਾ ਦੀ ਰਾਖੀ ਲਈ ਦਿੱਤੀ ਗਈ ਲਾਸਾਨੀ ਕੁਰਬਾਨੀ ਬਾਰੇ ਚਾਨਣਾ ਪਾਇਆ। ਮੁਕਾਬਲਿਆਂ ਦੀ ਸ਼ੁਰੂਆਤ ਰਸਮੀ ਤੌਰ 'ਤੇ ਦੀਵਾ ਜਗਾ ਕੇ ਅਤੇ ਵੰਦੇ ਮਾਤਰਮ ਦੇ ਗਾਇਨ ਨਾਲ ਹੋਈ। ਡਾ. ਗੁਰਜਿੰਦਰ ਕੌਰ ਅਤੇ ਡਾ. ਸਰਬਜੀਤ ਕੌਰ ਨੇ ਜੱਜਾਂ ਦੀ ਭੂਮਿਕਾ ਨਿਭਾਈ। ਉਨ੍ਹਾਂ ਨੇ ਸਾਰੇ ਭਾਸ਼ਣਾਂ ਨੂੰ ਬਹੁਤ ਧਿਆਨ ਨਾਲ ਸੁਣਿਆ ਅਤੇ ਨਿਰਪੱਖ ਫੈਸਲਾ ਸੁਣਾਇਆ। ਸ਼ਾਖਾ ਦੇ ਮੈਂਬਰ ਡਾ. ਹਰਿੰਦਰ ਸਿੰਘ ਕੰਗ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਅਤੇ ਧਰਮ ਤੇ ਮਨੁੱਖਤਾ ਲਈ ਦਿੱਤੀ ਗਈ ਮਹਾਨ ਕੁਰਬਾਨੀ ਬਾਰੇ ਚਾਨਣਾ ਪਾਇਆ ਅਤੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸ਼ਾਖਾ ਪ੍ਰਧਾਨ ਸ਼ਿਵ ਭਾਟੀਆ, ਸ਼ਾਖਾ ਸਕੱਤਰ ਸਚਿਨ ਕੰਬੋਜ, ਵਿੱਤ ਸਕੱਤਰ ਪ੍ਰਬੋਧ ਪੁਰੀ, ਰਮਨ ਭਾਟੀਆ ਅਤੇ ਅਰਨਿਸ਼ ਗੋਇਲ ਹਾਜ਼ਰ ਸਨ। ਸ਼ਾਖਾ ਪ੍ਰਧਾਨ ਸ਼ਿਵ ਭਾਟੀਆ ਨੇ ਸਮਾਗਮ ਦੀ ਸਫਲਤਾ ਵਿੱਚ ਯੋਗਦਾਨ ਪਾਉਣ ਲਈ ਸਾਰੇ ਮਹਿਮਾਨਾਂ, ਜੱਜਾਂ, ਸਕੂਲ ਪ੍ਰਬੰਧਨ, ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਮਾਗਮ ਦਾ ਉਦੇਸ਼ ਨਵੀਂ ਪੀੜ੍ਹੀ ਨੂੰ ਗੁਰੂ ਤੇਗ ਬਹਾਦਰ ਸਾਹਿਬ ਵੱਲੋਂ ਦਿੱਤੀ ਗਈ ਬੇਮਿਸਾਲ ਕੁਰਬਾਨੀ ਬਾਰੇ ਜਾਣੂ ਕਰਵਾਉਣਾ ਸੀ।

ਸੁਰਿੰਦਰ ਕੁਮਾਰ ਸੈਣੀ ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਨਿਵਾਰਣ ਕਮੇਟੀ, ਜੀਂਦ ਦੇ ਗੈਰ-ਸਰਕਾਰੀ ਮੈਂਬਰ ਨਾਮਜ਼ਦ

ਚੰਡੀਗੜ੍ਹ, 19 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਸਰਕਾਰ ਨੇ ਪਿੰਡ ਜਲਾਲਪੁਰ ਖੁਰਦ, ਜ਼ਿਲ੍ਹਾ ਜੀਂਦ ਨਿਵਾਸੀ ਸ਼੍ਰੀ ਸੁਰਿੰਦਰ ਕੁਮਾਰ ਸੈਣੀ ਨੂੰ ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਨਿਵਾਰਣ ਕਮੇਟੀ, ਜੀਂਦ ਦਾ ਗੈਰ-ਸਰਕਾਰੀ ਮੈਂਬਰ ਨਾਮਜ਼ਦ ਕੀਤਾ ਹੈ। ਉਨ੍ਹਾਂ ਦੀ ਨਿਯੁਕਤੀ ਤੁਰੰਤ ਪ੍ਰਭਾਵ ਨਾਲ ਲਾਗੂ ਹੋਵੇਗੀ। ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ ਵੱਲੋਂ ਇਸ ਸਬੰਧ ਵਿੱਚ ਹੁਕਮ ਜਾਰੀ ਕੀਤੇ ਗਏ ਹਨ।

ਪੰਚਕੂਲਾ ਦੇ ਐਗਰੋਮਾਲ ਵਿੱਚ ਦਫ਼ਤਰੀ ਵਰਤੋਂ ਲਈ ਦੁਕਾਨਾਂ ਕਿਰਾਏ 'ਤੇ ਉਪਲਬਧ

ਚੰਡੀਗੜ੍ਹ, 19 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਰਾਜ ਖੇਤੀਬਾੜੀ ਮੰਡੀਕਰਨ ਬੋਰਡ ਦੇ ਸੈਕਟਰ-20, ਪੰਚਕੂਲਾ ਸਥਿਤ ਐਗਰੋਮਾਲ ਭਵਨ ਵਿੱਚ ਸਰਕਾਰੀ ਵਿਭਾਗਾਂ, ਬੋਰਡਾਂ ਅਤੇ ਨਿਗਮਾਂ ਦੀ ਦਫ਼ਤਰੀ ਵਰਤੋਂ ਲਈ ਦੁਕਾਨਾਂ ਕਿਰਾਏ 'ਤੇ ਉਪਲਬਧ